ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 4 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੨੨ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਮਾਲਵਿੰਦਰ ਸਿੰਘ ਕੰਗ ਨੇ ਸੰਸਦ ’ਚ ਚੁੱਕਿਆ ਮੁੱਦਾ

# ਬੰਦੀ ਸਿੰਘਾਂ ਨੂੰ ਰਿਹਾਅ ਕਰੋ, ਸਜ਼ਾਵਾਂ ਪੂਰੀਆਂ ਹੋ ਚੁੱਕੀਆਂ

**ਨਵੀਂ ਦਿੱਲੀ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਆਮ ਆਦਮੀ ਪਾਰਟੀ ਦੇ ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਅੱਜ (ਵੀਰਵਾਰ) ਨੂੰ ਸੰਸਦ ਵਿੱਚ ਬੰਦੀ ਸਿੰਘਾਂ ਦਾ ਮੁੱਦਾ ਚੁੱਕਿਆ। ਮਾਲਵਿੰਦਰ ਕੰਗ ਨੇ ਸੰਸਦ ਵਿੱਚ ਕਿਹਾ ਕਿ ਇਨ੍ਹਾਂ ਲੋਕਾਂ ਦੀਆਂ ਸਜ਼ਾਵਾਂ ਪੂਰੀਆਂ ਹੋ ਗਈਆਂ ਹਨ। ਉਹ 25 ਤੋਂ 30 ਸਾਲਾਂ ਤੋਂ ਜੇਲ੍ਹ ਵਿੱਚ ਹਨ। ਉਨ੍ਹਾਂ ਦੇ ਮਨੁੱਖੀ ਅਧਿਕਾਰਾਂ ਅਤੇ ਮਾਨਵਤਾਵਾਦੀ ਪਹਿਲੂਆਂ ਨੂੰ ਧਿਆਨ ਵਿੱਚ ਰੱਖਦੇ ਹੋਏ, ਉਨ੍ਹਾਂ ਨੂੰ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਸਰਕਾਰ ਨੇ ਉਨ੍ਹਾਂ ਨੂੰ ਰਿਹਾਅ ਕਰਨ ਦਾ ਵਾਅਦਾ ਕਰਦੇ ਹੋਏ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਤੁਹਾਡੇ ਰਾਹੀਂ ਮੈਂ ਸਰਕਾਰ ਦੇ ਧਿਆਨ ਵਿੱਚ ਇੱਕ ਮਹੱਤਵਪੂਰਨ ਗੱਲ ਲਿਆਉਣਾ ਚਾਹੁੰਦਾ ਹਾਂ, ਜੋ ਕਿ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਹੈ। 2019 ਵਿੱਚ, ਪ੍ਰਧਾਨ ਮੰਤਰੀ ਨਰਿੰਦਰ ਮੋਦੀ



ਦੀ ਅਗਵਾਈ ਵਾਲੀ ਸਰਕਾਰ ਨੇ 25 ਤੋਂ 30 ਸਾਲਾਂ ਤੋਂ ਪੰਜਾਬ ਦੀਆਂ ਜੇਲ੍ਹਾਂ ਵਿੱਚ ਬੰਦ ਸਿੰਘਾਂ ਦੀ ਰਿਹਾਈ ਦਾ ਐਲਾਨ ਕੀਤਾ ਸੀ ਅਤੇ ਇੱਕ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਗਿਆ ਸੀ। ਨੋਟੀਫਿਕੇਸ਼ਨ ਦੇ ਛੇ ਸਾਲ ਬਾਅਦ ਵੀ ਜਿਨ੍ਹਾਂ ਨੇ ਆਪਣੀ ਸਜ਼ਾ ਪੂਰੀ ਕਰ ਲਈ ਹੈ, ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਗਿਆ ਹੈ। ਉਹ ਰਾਜਨੀਤਿਕ ਕੈਦੀ ਹਨ। ਅਜਿਹੀ ਸਥਿਤੀ ਵਿੱਚ, ਮਨੁੱਖਤਾ, ਮਨੁੱਖੀ ਅਧਿਕਾਰਾਂ ਅਤੇ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਬੰਦੀ ਸਿੰਘਾਂ ਨੂੰ ਰਿਹਾਅ ਕੀਤਾ ਜਾਣਾ ਚਾਹੀਦਾ ਹੈ, ਜਿਸ ਦਾ ਭਾਰਤ ਸਰਕਾਰ ਨੇ 2010 ਵਿੱਚ ਕੇਂਦਰ ਸਰਕਾਰ ਨਾਲ ਵਾਅਦਾ ਕੀਤਾ ਸੀ। ਮੋਹਾਲੀ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਸੰਘਰਸ਼ ਜਾਰੀ ਹੈ। ਵਾਈਪੀਐਸ ਚੌਕ ’ਤੇ ਬੰਦੀ ਸਿੰਘਾਂ ਲਈ ਲੋਕ ਇਕੱਠੇ ਹੋ ਕੇ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਦੀ ਸਿਰਫ਼ ਇੱਕ ਹੀ ਮੰਗ ਹੈ ਕਿ ਉਨ੍ਹਾਂ ਨੂੰ ਜੇਲ੍ਹਾਂ ਤੋਂ ਰਿਹਾਅ ਕੀਤਾ ਜਾਵੇ। ਕਿਉਂਕਿ ਉਨ੍ਹਾਂ ਨੇ ਆਪਣੀ ਸਜ਼ਾ ਪੂਰੀ ਕਰ ਲਈ ਹੈ। ਅਜਿਹੇ ਵਿੱਚ ਉਨ੍ਹਾਂ ਦੇ ਅਧਿਕਾਰਾਂ ਦੀ ਉਲੰਘਣਾ ਹੋ ਰਹੀ ਹੈ।

Exclusive News

## ਲੋਕ ਸਭਾ ’ਚ ਰਾਜਾ ਵੜਿੰਗ ਨੇ ਭਗਤ ਸਿੰਘ ਨੂੰ ਭਾਰਤ ਰਤਨ ਦੇਣ ਦੀ ਕੀਤੀ ਮੰਗ

**ਨਵੀਂ ਦਿੱਲੀ, 3 ਮਾਰਚ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਦੇ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੀਰਵਾਰ ਨੂੰ ਲੋਕ ਸਭਾ ’ਚ ਮੰਗ ਕੀਤੀ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਭਾਰਤ ਰਤਨ ਦਿੱਤਾ ਜਾਵੇ। ਰਾਜਾ ਵੜਿੰਗ ਨੇ ਸਿਫ਼ਰ ਕਾਲ ’ਚ ਕਿਹਾ ਕਿ ਸਰਕਾਰ ਵੱਲੋਂ ਬਹੁਤ ਸਾਰੇ ਲੋਕਾਂ ਨੂੰ ਭਾਰਤ ਰਤਨ ਨਾਲ ਸਨਮਾਨਿਤ ਕੀਤਾ ਗਿਆ ਹੈ ਪਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਨਾ ਤਾਂ ਸ਼ਹੀਦ ਦਾ ਦਰਜਾ ਦਿੱਤਾ ਗਿਆ ਹੈ ਅਤੇ ਨਾ ਹੀ ਉਨ੍ਹਾਂ ਨੂੰ ਭਾਰਤ ਰਤਨ ਦਿੱਤਾ ਗਿਆ ਹੈ। ਸਮਾਜਵਾਦੀ ਪਾਰਟੀ ਦੀ ਇਕਰਾ ਹਸਨ ਨੇ ਸਦਨ ’ਚ ਆਪਣੇ ਕੈਰਾਨਾ ਸੰਸਦੀ ਹਲਕੇ ’ਚ ਯਮੁਨਾ ਦੇ ਘਾਟਾਂ ਨੂੰ ਵਿਕਸਿਤ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਘਾਟਾਂ ’ਤੇ ਵੱਡੀ ਗਿਣਤੀ ’ਚ ਸ਼ਰਧਾਲੂਆਂ ਦੇ ਆਉਣ ਕਾਰਨ ਕਈ ਵਾਰ ਹਾਦਸੇ ਵਾਪਰਦੇ ਹਨ ਅਤੇ ਲੋਕਾਂ ਦੀ ਜਾਨ ਤੱਕ ਚਲੀ ਜਾਂਦੀ ਹੈ। ਇਸ ਲਈ ਇਨ੍ਹਾਂ ਘਾਟਾਂ ਨੂੰ ਸੁਰੱਖਿਅਤ ਬਣਾਉਣ ਲਈ ਉਪਾਅ ਕੀਤੇ ਜਾਣੇ ਚਾਹੀਦੇ ਹਨ। ਇਨ੍ਹਾਂ ਨੂੰ ਵਿਕਸਿਤ ਕਰਨ ਨਾਲ ਸ਼ਰਧਾਲੂਆਂ ਦੀ ਗਿਣਤੀ ਵਧੇਗੀ, ਜਿਸ ਨਾਲ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ।



## ਜਗਜੀਤ ਸਿੰਘ ਡੱਲੇਵਾਲ ਦਾ ਵੱਡਾ ਬਿਆਨ, ਮੈਂ ਖ਼ੁਦ ਕਰਾਂਗਾ ਮਹਾਂਪੰਚਾਇਤਾਂ

**ਚੰਡੀਗੜ੍ਹ, 3 ਮਾਰਚ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਕਿਸਾਨਾਂ ਦੀ ਮਹਾਂਪੰਚਾਇਤ ਵਿੱਚ ਪਹੁੰਚੇ ਅਤੇ ਇਸ ਮੌਕੇ ਉਨ੍ਹਾਂ ਨੇ ਕਿਹਾ ਹੈ ਕਿ ਪੰਜਾਬ ਭਰ ਵਿੱਚ 10 ਕਿਸਾਨ ਮਹਾਂਪੰਚਾਇਤਾਂ ਮੈਂ ਖੁਦ ਕਰਾਂਗਾ। ਉਨ੍ਹਾਂ ਨੇ ਕਿਹਾ ਹੈ ਕਿ ਪੰਜਾਬ ਤੋਂ ਬਾਅਦ ਪੂਰੇ ਭਾਰਤ ਵਿੱਚ ਜਾਵਾਂਗਾ। ਉਨ੍ਹਾਂ ਨੇ ਕਿਹਾ ਕਿ ਮੇਰਾ ਮਰਨ ਵਰਤ ਜਾਰੀ ਰਹੇਗਾ। ਉਨ੍ਹਾਂ ਨੇ ਕਿਹਾ ਹੈ ਕਿ ਸਰਕਾਰ ਹਾਰੀ ਅਤੇ ਕਿਸਾਨ ਜਿੱਤੇ ਹਨ। ਉਨ੍ਹਾਂ ਨੇ ਕਿਹਾ ਹੈ ਕਿ ਕੇਂਦਰ ਸਰਕਾਰ ਨੇ ਪਹਿਲਾਂ ਸਾਨੂੰ ਮੀਟਿੰਗ ਉੱਤੇ ਬੁਲਾ ਲਿਆ ਹੈ ਅਤੇ ਬਾਅਦ ਵਿੱਚ ਧੋਖੇ ਨਾਲ ਹਿਰਾਸਤ ਵਿੱਚ ਲੈ ਲਿਆ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਹੈ ਕਿ ਐਮਐਸਪੀ ਦੇ ਮੁੱਦੇ ਨੂੰ ਅਸੀ ਲੋਕ ਸਭਾ ਦੇ ਨਾਲ-ਨਾਲ ਪੂਰੀ ਦੁਨੀਆ ਵਿੱਚ ਲੈ ਕੇ ਗਏ ਹਾਂ। ਜੇਕਰ ਇਸੇ ਤਰ੍ਹਾਂ ਅਸੀਂ ਝੋਨੇ ਦੀ ਖੇਤੀ ਕਰਦੇ ਰਹੇ ਤਾਂ 15 ਕੁ ਸਾਲਾਂ ਵਿੱਚ ਪਾਣੀ ਖ਼ਤਮ ਹੋ ਜਾਵੇਗਾ। ਕਿਸਾਨ ਆਗੂ ਡੱਲੇਵਾਲ ਨੇ ਕਿਹਾ ਹੈ ਕਿ ਮੈਂ ਇੱਕਲੇ ਕਿਸਾਨਾਂ ਦੀ ਲੜਾਈ ਨਹੀਂ ਲੜ ਰਿਹਾ, ਹੁਣ ਤਾਂ ਲੋਕ ਮੈਨੂੰ ਬਾਪੂ ਕਹਿਣ ਲੱਗ ਗਏ ਤੇ ਹੁਣ ਸਾਰੇ ਮੇਰੇ ਆਪਣੇ ਨੇ ਉਹਨਾਂ ਸਭ ਦੀ ਲੜਾਈ ਲੜ ਰਿਹਾ। ਉਨ੍ਹਾਂ ਨੇ ਕਿਹਾ ਹੈ ਕਿ ਕਿਸਾਨੀ ਦੇ ਮੁੱਦਿਆ ਨੂੰ ਲੈ ਕੇ ਸਾਡਾ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਨੇ ਕਿਹਾ ਹੈਕਿ ਅਸੀਂ ਪੰਜਾਬ ਦੇ ਹੀ ਨਹੀਂ ਪੂਰੇ ਦੇਸ਼ ਦੇ ਕਿਸਾਨਾਂ ਨਾਲ ਗੱਲਬਾਤ ਕਰਕੇ ਐਮਐਸਪੀ ਲਈ ਸੰਘਰਸ਼ ਕਰਾਂਗੇ। ਦੱਸ ਦਈਏ ਕਿ ਜਗਜੀਤ ਸਿੰਘ ਡੱਲੇਵਾਲ ਨੂੰ ਪੰਜਾਬ ਪੁਲਿਸ ਵਲੋਂ 19 ਮਾਰਚ ਨੂੰ ਡਿਟੇਨ ਕਰ ਲਿਆ ਗਿਆ ਸੀ, ਜਗਜੀਤ ਸਿੰਘ ਡੱਲੇਵਾਲ ਨੂੰ ਉਸ ਵੇਲੇ ਡਿਟੇਨ ਕੀਤਾ ਗਿਆ ਜਦੋਂ ਉਹ ਕੇਂਦਰ ਨਾਲ ਮੀਟਿੰਗ ਕਰਕੇ ਵਾਪਸ ਪਰਤ ਰਹੇ ਸਨ, ਜਿਸ ਤੋਂ ਬਾਅਦ ਅੱਜ ਉਨ੍ਹਾਂ ਨੂੰ ਹਸਪਤਾਲ ਤੋਂ ਛੁੱਟੀ ਮਿਲੀ ਹੈ ਅਤੇ ਉਨ੍ਹਾਂ ਦਾ ਬਿਆਨ ਸਾਹਮਣੇ ਆਇਆ ਹੈ।



## ਨਹੀਂ ਹੁੰਦਾ ਸੀ ਨਿਆਣਾ, ਸੱਸ ਨੇ ਨੂੰਹ ਨੂੰ ਨਹਿਰ ਮਾਰ’ਤਾ ਧੱਕਾ

**ਗੁਰਦਾਸਪੁਰ, 3 ਮਾਰਚ (ਆਵਾਜ਼ਿ ਕੌਮ ਬਿਊਰੋ)**-ਗੁਰਦਾਸਪੁਰ ਦੀ ਬੱਬੇਹਾਲੀ ਨਹਿਰ ਦੇ ਪੁੱਲ ਤੇ 28 ਮਾਰਚ ਸ਼ੁਕਰਵਾਰ ਨੂੰ ਛੀਨਾ ਪਿੰਡ ਤੋਂ ਐਕਟਿਵਾ ਤੇ ਸਵਾਰ ਹੋ ਕੇ ਆਪਣੇ ਪਿੰਡ ਬਿਧੀਪੁਰ ਜਾ ਰਹੀ ਸੱਸ ਰੁਪਿੰਦਰ ਕੌਰ ਹੀ ਆਪਣੀ ਨੂੰਹ ਰੁਪਿੰਦਰ ਕੌਰ ਦੀ ਕਾਤਲ ਨਿਕਲੀ ਹੈ। ਦੱਸਣਯੋਗ ਹੈ ਕਿ ਉਕਤ ਸੱਸ ਵਲੋਂ ਇਹ ਡਰਾਮਾ ਕੀਤਾ ਗਿਆ ਸੀ ਕਿ ਨੂੰਹ ਅਮਨਪ੍ਰੀਤ ਕੌਰ ਲੁਟੇਰਿਆਂ ਵੱਲੋਂ ਲੁੱਟਣ ਤੋਂ ਬਾਅਦ ਕੀਤੀ ਧੱਕਾ ਮੁੱਕੀ ਦੌਰਾਨ ਨਹਿਰ ਵਿੱਚ ਡਿੱਗ ਪਈ ਸੀ। ਉਸ ਦਿਨ ਤੋਂ ਲਗਾਤਾਰ ਅਮਨਪ੍ਰੀਤ ਕੌਰ ਦੀ ਲਾਸ਼ ਨਹਿਰ ਵਿੱਚੋਂ ਲੱਭਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ ਅਤੇ ਪੰਜਵੇ ਦਿਨ ਸਵੇਰੇ ਅਮਨਪ੍ਰੀਤ ਕੌਰ ਦੀ ਲਾਸ਼ ਦੱਸੀ ਗਈ ਘਟਨਾ ਵਾਲੀ ਥਾਂ ਤੋਂ ਲਗਭਗ 15 ਕਿਲੋਮੀਟਰ ਦੂਰ ਧਾਰੀਵਾਲ ਦੇ ਪੁੱਲ ਨੇੜਿਓ ਮਿਲੀ ਸੀ। ਇਸ ਤੋਂ ਬਾਅਦ ਜਦੋਂ ਪੁਲਸ ਨੇ ਮਾਮਲੇ ਦੀ ਜਾਂਚ ਕੀਤੀ ਤਾ ਇਹ ਗੱਲ ਸਾਹਮਣੇ ਆਈ ਕੇ ਸੱਸ ਨੇ ਹੀ ਆਪਣੇ ਪੁੱਤ ਅਤੇ ਮ੍ਰਿਤਕਾ ਦੇ ਪਤੀ ਅਕਾਸ਼ਦੀਪ ਸਿੰਘ ਨਾਲ ਮਿਲ ਕੇ ਉਸ ਨੂੰ ਖੁਦ ਹੀ ਨਹਿਰ ਵਿੱਚ ਧੱਕਾ ਦੇ ਦਿੱਤਾ ਸੀ ਅਤੇ ਲੁਟੇਰੀਆਂ ਵਲੋਂ ਲੁੱਟ ਦਾ ਝੂਠਾ ਡਰਾਮਾ ਕੀਤਾ ਗਿਆ ਸੀ। ਹੁਣ ਪੁਲਸ ਨੇ ਦੋਵਾਂ ਮਾ ਅਤੇ ਪੁੱਤ ਨੂੰ ਗ੍ਰਿਫ਼ਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕਾ ਦੀ ਮਾਂ ਅਤੇ ਪਿੰਡ ਦੇ ਸਰਪੰਚ ਗੁਰਪ੍ਰੀਤ ਸਿੰਘ ਨੇ ਕਿਹਾ ਉਸਦੀ ਧੀ ਦੀ ਸੱਸ ਵੱਲੋਂ ਲੁੱਟ ਦੀ, ਜੋ ਕਹਾਣੀ ਦੱਸੀ ਗਈ ਸੀ, ਉਹ ਬਿਲਕੁਲ ਝੂਠ ਸੀ ਅਤੇ ਅਮਨਪ੍ਰੀਤ ਕੌਰ ਦੀ ਮਾ ਨੇ ਕਿਹਾ ਅਸੀ ਪਹਿਲਾਂ ਹੀ ਸ਼ੱਕ ਜਤਾਇਆ ਸੀ ਕਿ ਉਨ੍ਹਾਂ ਦੀ ਲੜਕੀ ਨੂੰ ਨਹਿਰ ਵਿੱਚ ਧੱਕਾ ਦਿੱਤਾ ਗਿਆ ਹੈ ਤੇ ਇਸ ਵਿੱਚ ਉਸਦੀ ਸੱਸ ਅਤੇ ਸਹੁਰਾ ਪਰਿਵਾਰ ਦਾ ਹੱਥ ਹੋ ਸਕਦਾ ਹੈ। ਜੋ ਬਿਲਕੁਲ ਸੱਚ ਸਾਬਿਤ ਹੋਇਆ। ਉਹ ਸਾਡੇ ਬੇਟੀ ਨੂੰ ਬਾਰ ਬਾਰ ਬੱਚਾ ਨਾ ਹੋਣ ਦੇ ਤਾਹਨੇ ਮੇਹਣੇ ਮਾਰਦੇ ਰਹਿਦੇ ਸੀ ਜਦੋਂ ਕੇ ਸਾਡੀ ਬੇਟੀ ਦੀ ਸ਼ਾਦੀ ਹੋਈ ਨੂੰ ਮਹਿਜ਼ ਅਜੇ 16 ਮਹੀਨੇ ਹੀ ਹੋਏ ਸਨ। ਉਨ੍ਹਾਂ ਨੇ ਕਿਹਾ ਅਜੇ ਤਾ ਸਾਡੀ ਬੇਟੀ ਦਾ ਚੂੜਾ ਵੀ ਨਹੀ ਸੀ ਲੱਥਾ ਤੇ ਇਨ੍ਹਾਂ ਨੇ ਬੱਚਾ ਨਾ ਹੋਣ ਦੇ ਕਾਰਣ ਸਾਡੀ ਬੇਟੀ ਮਾਰ ਦਿੱਤੀ। ਅਸੀਂ ਚਾਹੁੰਦੇ ਹਾਂ ਕੇ ਆਰੋਪੀਆ ਨੂੰ ਫਾਂਸੀ ਦੀ ਸਜ਼ਾ ਹੋਵੇ ਅਤੇ ਸਾਨੂੰ ਇਨਸਾਫ ਮਿਲੇ। ਪੁਲਸ ਦੇ ਡੀ.ਐਸ.ਪੀ. ਮੋਹਨ ਸਿੰਘ ਨੇ ਦੱਸਿਆ ਕਿ ਲੁੱਟ ਦੀ ਕਹਾਣੀ ਬਿਲਕੁਲ ਝੂਠ ਨਿੱਕਲੀ। ਅਸਲ ਵਿੱਚ ਆਰੋਪੀ ਮਹਿਲਾ ਰੁਪਿੰਦਰ ਕੌਰ ਵਲੋਂ ਹੀ ਆਪਣੇ ਬੇਟੇ ਅਕਾਸ਼ਦੀਪ ਨਾਲ ਮਿਲ ਕੇ ਆਪਣੀ ਨੂੰਹ ਨੂੰ ਨਹਿਰ ਵਿੱਚ ਧੱਕਾ ਦੇ ਦਿੱਤਾ ਸੀ। ਇਸ ਦਾ ਕਾਰਣ ਇਹ ਸੀ ਕਿ ਮ੍ਰਿਤਕਾ ਦੇ ਅਜੇ ਕੋਈ ਬੱਚਾ ਨਹੀਂ ਹੋਇਆ ਅਤੇ ਮ੍ਰਿਕਤਾ ਦੇ ਪਰਿਵਾਰ ਕੋਲੋ ਹੋਰ ਦਹੇਜ ਦੀ ਮੰਗ ਵੀ ਕਰ ਰਹੇ ਸਨ। ਇਸ ਕਰ ਕੇ ਉਨ੍ਹਾਂ ਨੇ ਆਪਣੀ ਨੂੰਹ ਨੂੰ ਨਹਿਰ ਵਿੱਚ ਧੱਕਾ ਦੇਕੇ ਮਾਰ ਦਿੱਤਾ ਅਤੇ ਲੁੱਟ ਦੀ ਝੁੱਠੀ ਕਹਾਣੀ ਬਣਾ ਕੇ ਪੁਲਸ ਅਤੇ ਸਾਰਿਆ ਨੂੰ ਗੁੰਮਰਾਹ ਕੀਤਾ। ਹੁਣ ਮੁਲਜ਼ਮ ਮਾਂ ਬੇਟੇ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।



## ਮਿਆਂਮਾਰ ’ਚ ਹੁਣ ਤੱਕ 66 ਵਾਰ ਆਇਆ ਭੂਚਾਲ, ਡਰ ਨਾਲ ਕੰਬ ਰਹੇ ਲੋਕ

**ਯਾਂਗੂਨ, 3 ਮਾਰਚ (ਆਵਾਜ਼ਿ ਕੌਮ ਬਿਊਰੋ)**-ਮਿਆਂਮਾਰ ਵਿੱਚ ਹੁਣ ਤੱਕ 2.8 ਤੋਂ 7.5 ਤੀਬਰਤਾ ਦੇ ਭੂਚਾਲ ਦੇ 66 ਝਟਕੇ ਲੱਗ ਚੁੱਕੇ ਹਨ।ਦੇਸ਼ ਦੇ ਮੌਸਮ ਵਿਗਿਆਨ ਅਤੇ ਜਲ ਵਿਗਿਆਨ ਵਿਭਾਗ ਨੇ ਇਸ ਸਬੰਧੀ ਜਾਣਕਾਰੀ ਦਿੱਤੀ। ਸ਼ਿਨਹੂਆ ਨਿਊਜ਼ ਏਜੰਸੀ ਦੀ ਰਿਪੋਰਟ ਅਨੁਸਾਰ ਇਹ ਝਟਕੇ ਪਿਛਲੇ ਸ਼ੁੱਕਰਵਾਰ ਨੂੰ ਦੇਸ਼ ਵਿੱਚ ਆਏ 7.7 ਤੀਬਰਤਾ ਦੇ ਵਿਨਾਸ਼ਕਾਰੀ ਭੂਚਾਲ ਤੋਂ ਬਾਅਦ ਆਏ। ਇਸ ਦੌਰਾਨ ਰਾਜ ਪ੍ਰਸ਼ਾਸਨ ਪ੍ਰੀਸ਼ਦ (ਐਸ.ਏ.ਸੀ) ਦੇ ਚੇਅਰਮੈਨ ਮਿਨ ਆਂਗ ਹਲੇਂਗ ਨੇ ਕਿਹਾ ਕਿ ਮਿਆਂਮਾਰ ਦੀ ਸਰਕਾਰ ਭੂਚਾਲ ਰਾਹਤ ਅਤੇ ਪੁਨਰਵਾਸ ਯਤਨਾਂ ਲਈ 500 ਬਿਲੀਅਨ ਕਿਆਟ (ਲਗਭਗ 238.09 ਮਿਲੀਅਨ ਡਾਲਰ) ਅਲਾਟ ਕਰੇਗੀ। ਸਰਕਾਰੀ ਮਾਲਕੀ ਵਾਲੇ ਰੋਜ਼ਾਨਾ ’ਦ ਗਲੋਬਲ ਨਿਊ ਲਾਈਟ ਆਫ਼ ਮਿਆਂਮਾਰ’ ਦੀ ਰਿਪੋਰਟ ਮੁਤਾਬਕ ਮਿਆਂਮਾਰ ਦੇ ਨੇਤਾ ਨੇ ਮੰਗਲਵਾਰ ਨੂੰ ਨੇ ਪਾਈ ਤਾਵ ਵਿੱਚ ਇੱਕ ਨਕਦ ਦਾਨ ਸਮਾਰੋਹ ਵਿੱਚ ਇਹ ਬਿਆਨ ਦਿੱਤਾ, ਜਿੱਥੇ ਸ਼ੁਭਚਿੰਤਕਾਂ ਨੇ 104.44 ਬਿਲੀਅਨ ਕਿਆਟ (49.71 ਮਿਲੀਅਨ ਡਾਲਰ) ਨਕਦ ਅਤੇ 12.4 ਬਿਲੀਅਨ ਕਿਆਟ (5.9 ਮਿਲੀਅਨ ਡਾਲਰ) ਗੈਰ-ਨਕਦੀ ਵਸਤੂਆਂ ਵਿੱਚ ਦਾਨ ਕੀਤਾ। ਰਾਸ਼ਟਰੀ ਆਫ਼ਤ ਪ੍ਰਬੰਧਨ ਕਮੇਟੀ ਦੇ ਚੇਅਰਮੈਨ, ਐਸਏਸੀ ਦੇ ਉਪ ਚੇਅਰਮੈਨ, ਕੌਂਸਲ ਮੈਂਬਰਾਂ ਅਤੇ ਹੋਰ ਸਬੰਧਤ ਅਧਿਕਾਰੀਆਂ ਦੁਆਰਾ ਯੋਗਦਾਨ ਪ੍ਰਾਪਤ ਕੀਤਾ ਗਿਆ। ਸ਼ੁੱਕਰਵਾਰ ਨੂੰ ਮਿਆਂਮਾਰ ਵਿੱਚ ਆਏ ਘਾਤਕ ਭੂਚਾਲ ਤੋਂ ਬਾਅਦ ਮਿਨ ਆਂਗ ਹਲਾਈਂਗ ਨੇ ਅੰਤਰਰਾਸ਼ਟਰੀ ਸਹਾਇਤਾ ਦੀ ਮੰਗ ਕੀਤੀ। ਜਵਾਬ ਵਿੱਚ 31 ਮਾਰਚ ਤੱਕ 16 ਦੇਸ਼ਾਂ ਅਤੇ ਖੇਤਰਾਂ ਤੋਂ ਬਚਾਅ ਟੀਮਾਂ, ਡਾਕਟਰ ਅਤੇ ਨਰਸਾਂ ਮਨੁੱਖੀ ਸਹਾਇਤਾ ਅਤੇ ਡਾਕਟਰੀ ਸਪਲਾਈ ਲੈ ਕੇ ਮਿਆਂਮਾਰ ਪਹੁੰਚੀਆਂ ਹਨ। ਸਥਾਨਕ ਰੋਜ਼ਾਨਾ ਮਿਆਂਮਾ ਅਲੀਨ ਦੇ ਅਨੁਸਾਰ ਮਿਆਂਮਾਰ ਵਿੱਚ ਆਏ 18 ਸ਼ਕਤੀਸ਼ਾਲੀ ਭੂਚਾਲਾਂ ਵਿੱਚੋਂ 7.7-ਤੀਬਰਤਾ ਵਾਲਾ ਭੂਚਾਲ ਦੂਜਾ ਸਭ ਤੋਂ ਸ਼ਕਤੀਸ਼ਾਲੀ ਸੀ, ਇਸ ਤੋਂ ਪਹਿਲਾਂ 1912 ਵਿੱਚ ਦੇਸ਼ ਵਿੱਚ ਆਏ 8.0-ਤੀਬਰਤਾ ਵਾਲੇ ਭੂਚਾਲ ਤੋਂ ਬਾਅਦ। ਸ਼ੁੱਕਰਵਾਰ ਨੂੰ ਮਿਆਂਮਾਰ ਵਿੱਚ ਇੱਕ ਸ਼ਕਤੀਸ਼ਾਲੀ ਭੂਚਾਲ ਆਇਆ, ਜਿਸ ਨਾਲ 2 ਅਪ੍ਰੈਲ ਤੱਕ ਵਿਆਪਕ ਤਬਾਹੀ ਹੋਈ। ਭੂਚਾਲ ਵਿੱਚ ਮਰਨ ਵਾਲਿਆਂ ਦੀ ਗਿਣਤੀ ਵੀਰਵਾਰ ਨੂੰ ਵੱਧ ਕੇ 3,085 ਹੋ ਗਈ। ਇੱਕ ਸੰਖੇਪ ਬਿਆਨ ਵਿੱਚ ਫੌਜ ਨੇ ਕਿਹਾ ਕਿ 4,715 ਲੋਕ ਜ਼ਖਮੀ ਹੋਏ ਹਨ ਅਤੇ 341 ਲਾਪਤਾ ਹਨ। ਸਰਕਾਰੀ ਰੋਜ਼ਾਨਾ ਮਿਆਂਮਾਰ ਅਲੀਨ ਨੇ ਰਿਪੋਰਟ ਦਿੱਤੀ ਕਿ ਘਰਾਂ, ਦਫ਼ਤਰਾਂ, ਸਕੂਲਾਂ, ਧਾਰਮਿਕ ਸਥਾਨਾਂ, ਹਸਪਤਾਲਾਂ ਅਤੇ ਖੇਤੀਬਾੜੀ ਜ਼ਮੀਨ ਨੂੰ ਨੁਕਸਾਨ ਪਹੁੰਚਿਆ ਹੈ। ਰਿਪੋਰਟ ਅਨੁਸਾਰ ਕੁੱਲ 21,783 ਘਰ, 805 ਦਫਤਰੀ ਇਮਾਰਤਾਂ, 115 ਸਟਾਫ ਹਾਊਸਿੰਗ ਯੂਨਿਟ, 1,041 ਸਕੂਲ ਇਮਾਰਤਾਂ, 921 ਮੱਠ ਅਤੇ ਨਨਾਂ ਦੇ ਨਿਵਾਸ, 1,690 ਪਗੋਡਾ, 312 ਹੋਰ ਧਾਰਮਿਕ ਢਾਂਚੇ, 48 ਹਸਪਤਾਲ ਅਤੇ ਕਲੀਨਿਕ ਅਤੇ 45 ਏਕੜ ਫਸਲ ਪ੍ਰਭਾਵਿਤ ਹੋਈ।



## ਸਾਰੇ ਅਕਾਲੀ ਦਲ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਿਤ, ਕੋਈ ਇੱਕ ਮਾਨਤਾ ਪ੍ਰਾਪਤ ਦਾ ਦਾਅਵਾ ਨਹੀਂ ਕਰ ਸਕਦਾ : ਜਥੇਦਾਰ ਕੁਲਦੀਪ ਸਿੰਘ ਗੜਗਜ

**ਅੰਮ੍ਰਿਤਸਰ, 3 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗਜ ਦਾ 5 ਮੈਂਬਰੀ ਕਮੇਟੀ ਦੇ ਮੁੱਦੇ ’ਤੇ ਵੱਡਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਹੈ ਕਿ ਕਿਸੇ ਇੱਕ ਨੂੰ ਹੱਕ ਨਹੀਂ ਕੀ ਉਹ ਦਾਅਵਾ ਕਰੇ ਕਿ ਅਸੀਂ ਮਾਨਤਾ ਪ੍ਰਾਪਤ ਹਾਂ ! ਸਾਰੇ ਅਕਾਲੀ ਧੜੇ ਅਕਾਲ ਤਖ਼ਤ ਨੂੰ ਸਮਰਪਿਤ ਹਨ। ਜਥੇਦਾਰ ਨੇ 5 ਮੈਂਬਰੀ ਕਮੇਟੀ ਦੇ ਮੁੱਦੇ ’ਤੇ ਜਾਰੀ ਬਿਆਨ ਵਿੱਚ ਕਿਹਾ ਕਿ ਸ਼੍ਰੋਮਣੀ ਕਮੇਟੀ ਖਿਲਾਫ ਜਾਣ ਬੁੱਝ ਕੇ ਕੁਝ ਲੋਕਾਂ ਵੱਲੋਂ ਗਲਤ ਬਿਰਤਾਂਤ ਸਿਰਜਿਆ ਜਾ ਰਿਹਾ ਹੈ ਪ੍ਰੰਤੂ ਸ਼੍ਰੋਮਣੀ ਕਮੇਟੀ ਨੂੰ ਕੋਈ ਖਤਮ ਨਹੀਂ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੱਖਣ ਭਾਰਤ ਤੋਂ ਸ਼ੁਰੂ ਹੋ ਕੇ ਸਿੱਖਾਂ ਦੀਆਂ ਸੰਸਥਾਵਾਂ ਨੂੰ ਖਤਮ ਕਰਨ ਵਾਲੇ ਪੰਜਾਬ ਦੀਆਂ ਬਰੂਹਾਂ ’ਤੇ ਆ ਬੈਠੇ ਹਨ। ਸਿੰਘ ਸਾਹਿਬਾਨ ਨੇ ਕਿਹਾ, ”ਕਿਸੇ ਇੱਕ ਨੂੰ ਹੱਕ ਨਹੀਂ ਕੀ ਉਹ ਦਾਅਵਾ ਕਰੇ ਕਿ ਅਸੀਂ ਮਾਨਤਾ ਪ੍ਰਾਪਤ ਹਾਂ ! ਸਾਰੇ ਅਕਾਲੀ ਧੜੇ ਅਕਾਲ ਤਖ਼ਤ ਨੂੰ ਸਮਰਪਿਤ ਹਨ। ਕਿਸੇ ਵੀ ਇੱਕ ਧੜੇ ਨੂੰ ਇਹ ਦਾਅਵਾ ਨਹੀਂ ਕਰਨਾ ਚਾਹੀਦਾ ਕੀ ਅਸੀਂ ਮਾਨਤਾ ਪ੍ਰਾਪਤ ਹਾਂ ! ਅਕਾਲ ਤਖ਼ਤ ਸਾਹਿਬ ਕਿਸੇ ਧੜੇ ਦਾ ਨਹੀਂ, ਅਕਾਲ ਤਖ਼ਤ ਸਾਰਿਆਂ ਦਾ!” ਜਥੇਦਾਰ ਸਾਹਿਬ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਫੈਸਲੇ ਅਨੁਸਾਰ ਪੰਥਕ ਏਕਤਾ ਦੀ ਗੱਲ ਮੁੜ ਦੁਹਰਾਉਂਦਿਆਂ, ਪੰਜਾਬ, ਪੰਜਾਬੀਅਤ, ਸ਼੍ਰੋਮਣੀ ਅਕਾਲੀ ਦਲ ਤੇ ਸ਼੍ਰੋਮਣੀ ਕਮੇਟੀ ਖਿਲਾਫ ਗਲਤ ਨੈਰੇਟਿਵ ਬਣਾਉਣ ਵਾਲਿਆਂ ਦਾ ਡੱਟ ਕੇ ਮੁਕਾਬਲਾ ਕਰਨ ਦੀ ਗੱਲ ਆਖੀ। ਉਨ੍ਹਾਂ ਕਿਹਾ ਕਿ ਉਹ ਸਮੁੱਚੇ ਪੰਜਾਬ ਦਾ ਦੌਰਾ ਕਰ ਰਹੇ ਹਨ ਅਤੇ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਲੋਕਾਂ ਨੂੰ ਮਿਲ ਰਹੇ ਹਨ। ਜਥੇਦਾਰ ਕੁਲਦੀਪ ਸਿੰਘ ਗੜਗਜ ਨੇ ਕਿਹਾ ਕਿ ਸਿੱਖੀ ਨੂੰ ਨਹੀਂ ਕੋਈ ਖਤਰਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਸਮੁੱਚੇ ਧੜਿਆਂ ਨੂੰ ਇਕੱਠੇ ਹੋ ਕੇ ਪੰਥਕ ਏਕਤਾ ਕਰਨੀ ਚਾਹੀਦੀ ਹੈ। ਕੇਵਲ ਸ਼੍ਰੋਮਣੀ ਕਮੇਟੀ ਨੂੰ ਹੀ ਨਹੀਂ ਸਗੋਂ ਹਰ ਸਿੱਖ ਨੂੰ ਆਪਣੇ ਵਸੀਲਿਆਂ ਮੁਤਾਬਕ ਲੋੜਵੰਦਾਂ ਦੀ ਮਦਦ ਕਰਨੀ ਚਾਹੀਦੀ ਹੈ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

# ਮਜੀਠੀਆ ਦੀ ਸੁਰੱਖਿਆ ਵਾਪਸ ਲੈਣ ਨਾਲ ਆਪ ਦੇ ਘਾਤਕ ਮਨਸੂਬਿਆਂ ਦੀ ਹੋਈ ਪੁਸ਼ਟੀ : ਰੰਧਾਵਾ



**ਚੌਕ ਮਹਿਤਾ, 3 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਮੰਤਰੀ ਅਤੇ ਮਾਝੇ ਦੇ ਜਰਨੈਲ ਬਿਕਰਮ ਸਿੰਘ ਮਜੀਠੀਆ ਦੀ ਸੁਰੱਖਿਆ ਵਾਪਸ ਲੈ ਕੇ ' ਆਪ ' ਸਰਕਾਰ ਨੇ ਆਪਣੇ ਖ਼ਤਰਨਾਕ ਤੇ ਘਾਤਕ ਮਨਸੂਬਿਆਂ ਦੀ ਪੁਸ਼ਟੀ ਕਰ ਦਿੱਤੀ ਹੈ। ਇਹ ਪ੍ਰਗਟਾਵਾ ਨੌਜਵਾਨ ਆਗੂ ਰਾਜਦੀਪ ਸਿੰਘ ਰੰਧਾਵਾ ਅਤੇ ਦਿਲਬਾਗ ਸਿੰਘ ਪੰਨੂ (ਦੋਵੇਂ ਆਸਟ੍ਰੇਲੀਆ) ਨੇ ਵਿਦੇਸ਼ ਤੋਂ ਫੋਨ ਤੇ ' ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਕੀਤਾ। ਉਨਾਂ ਆਖਿਆ ਕਿ 'ਆਪ' ਸਰਕਾਰ ਪਿਛਲੇ ਤਿੰਨ ਸਾਲਾਂ ਤੋਂ ਲਗਾਤਾਰ ਮਜੀਠੀਆ ਨੂੰ ਝੂਠੇ ਡਰੱਗ ਕੇਸ ਵਿੱਚ ਫਸਾਉਣ ਦੀਆਂ ਸਾਜਿਸ਼ਾਂ ਰਚ ਰਹੀ ਹੈ। ਜਦਕਿ 'ਆਪ' ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਕਈ ਸਾਲ ਪਹਿਲਾ ਸ. ਬਿਕਰਮ ਸਿੰਘ ਮਜੀਠੀਆ ਉਪਰ ਲਾਏ ਨਸ਼ਿਆਂ ਦੇ ਝੂਠੇ ਦੋਸ਼ਾਂ ਕਰਕੇ ਲਿਖਤੀ ਮੁਆਫ਼ੀ ਮੰਗ ਚੁੱਕੇ ਹਨ। ਉਕਤ ਆਗੂਆਂ ਨੇ ਆਖਿਆ ਕਿ ਹੁਣ ਜਾਣਬੁੱਝ ਕੇ 'ਆਪ' ਸਰਕਾਰ ਨੇ ਸ. ਮਜੀਠੀਆ ਦੀ ਸ਼ਾਖ਼ ਨੂੰ ਨੀਵਾਂ ਕਰਨ ਅਤੇ ਉਨ੍ਹਾਂ ਨੂੰ ਨੁਕਸਾਨ ਪਹੁੰਚਾਉਣ ਦੇ ਮੰਤਵ ਨਾਲ ਸੁਰੱਖਿਆ ਵਾਪਸ ਲਈ ਹੈ। ਸਰਕਾਰ ਦੀ ਇਸ ਕਾਰਵਾਈ ਨੇ 'ਆਪ' ਦੇ ਭਿਆਨਕ ਮਨਸੂਬਿਆਂ ਨੂੰ ਹੋਰ ਵੀ ਉਜਾਗਰ ਕਰ ਦਿੱਤਾ ਹੈ। ਹੈਰਾਨਗੀ ਦੀ ਗੱਲ ਹੈ ਕਿ ਸਕਿਓਰਟੀ ਵਾਪਸ ਲੈਣ ਕਰਕੇ ਪਿਛਲੇ ਸਮੇਂ ਵਿੱਚ ਪ੍ਰਸਿੱਧ ਗਾਇਕ ਸਿੱਧੂ ਮੂਸੇਵਾਲਾ ਦੇ ਹੋਏ ਕਤਲ ਤੋਂ ਵੀ ਸਰਕਾਰ ਨੇ ਸਬਕ ਨਹੀਂ ਸਿੱਖਿਆ, 'ਆਪ' ਸਰਕਾਰ ਫਿਰ ਤੋਂ ਪੰਜਾਬ ਨੂੰ ਉਸੇ ਦੌਰ ਵਿਚ ਧੱਕਣਾ ਚਾਹੁੰਦੀ ਹੈ। ਨੌਜਵਾਨ ਆਗੂ ਰਾਜਦੀਪ ਸਿੰਘ ਰੰਧਾਵਾ ਨੇ ਸਪੱਸ਼ਟ ਰੂਪ ਵਿਚ ਆਖਿਆ ਕਿ ਸੁਰੱਖਿਆ ਕਮਜੋਰ ਹੋਣ ਕਰਕੇ ਜੇਕਰ ਸ. ਮਜੀਠੀਆ ਨਾਲ ਕੁਝ ਗਲਤ ਵਾਪਰਿਆ ਤਾਂ ਇਸ ਸਭ ਦੇ ਲਈ ਮੁੱਖ ਮੰਤਰੀ ਅਤੇ ਸੂਬੇ ਦਾ ਪੁਲਿਸ ਮੁਖੀ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ ’ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


ਸੇਵਕਕੀਓੜਕਿਨਿਬਹੀਪ੍ਰੀਤਿ॥
ਜੀਵਤਸਾਹਿਬੁਸੇਵਿਓਅਪਨਾਚਲਤੇਰਾਖਿਓਚੀਤਿ॥
ਸ਼ਰਧਾਂਜਲੀ ਸਮਾਗਮ ਯੂ. ਕੇ.
ਐਤਵਾਰ, 6 ਅਪ੍ਰੈਲ 2025
01:00 PM
ਗੁਰੂ ਨਾਨਕ ਗੁਰਦੁਆਰਾ ਸਮੈਥਵਿਕ
130 High Street,
Smethwick B66 3AP
ਆਵਾਜ਼ਿ ਕੌਮ
AWAZE QAUM
International Newspaper & WEB TV
1978 ਤੋਂ ਹੀ ਅਜਾਦੀ ਦੇ ਸੰਘਰਸ਼ ਦੇ ਥੰਮ੍ਹ, ਗੁਰੂ ਪਿਆਰੇ ਜੁਝਾਰੂ ਕੌਮੀ ਜਰਨੈਲ
ਬੱਬਰ ਖਾਲਸਾ ਇੰਟਰਨੈਸ਼ਨਲ ਦੇ ਜਨਰਲ ਸਕੱਤਰ
ਜਥੇਦਾਰ ਭਾਈ ਮਹਿਲ ਸਿੰਘ ਬੱਬਰ
ਗੁਰੂ ਵੱਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਨੂੰ ਭੋਗ ਕੇ ਅਕਾਲ ਚਲਾਣਾ ਕਰ ਗਏ ਹਨ। ਉਨਾਂ ਦੀ ਮਿੱਠੀ ਯਾਦ ਵਿੱਚ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਅਤੇ ਸਮੂਹ ਸਿੱਖ ਜਥੇਬੰਦੀਆਂ ਵਲੋਂ ਸ਼ਰਧਾਂਜ਼ਲੀ ਸਮਾਗਮ ਗੁਰੂ ਨਾਨਕ ਗੁਰਦਵਾਰਾ ਸਮੈਦਿਕ ਵਿਖੇ 6 ਐਪਰੈਲ ਐਤਵਾਰ ਵਾਲੇ ਦਿਨ 1 ਵਜੇ ਕਰਵਾਇਆ ਜਾ ਰਿਹਾ ਹੈ। ਸੋ ਆਪ ਸਭ ਨੂੰ ਸ਼ਮੂਲੀਅਤ ਕਰਨ ਦੀ ਬੇਨਤੀ ਹੈ । ਆਉ ! ਜਿੰਦਗੀ ਦੇ ਚਾਰ ਦਹਾਕੇ ਕੌਮ ਦੇ ਲੇਖੇ ਲਗਾਉਣ ਵਾਲੇ ਅਤੇ ਭਾਰਤ ਸਰਕਾਰ ਮੂਹਰੇ ਗੋਡੇ ਨਾ ਟੇਕਣ ਵਾਲੇ ਕੌਮੀ ਪ੍ਰਵਾਨੇ ਦੀ ਦ੍ਰਿੜ੍ਹਤਾ ਨੂੰ ਸਿੱਜਦਾ ਕਰੀਏ ।


GURU NANAK GURDWARA
SMETHWICK
Canal & River Trust
Making life better by water
CELEBRATE
VAISAKHI
by the
CANAL
Saturday 5th April
10:30am to 2:30pm
TOLL HOUSE
(CANAL ENTRANCE VIA BRIDGE ST NORTH, SMETHWICK)
FREE ENTRY
FREE ACTIVITIES
JOIN US FOR LOTS OF FUN!
bouncy castle
tug of war
kayaking
Vaisakhi talks
yummy food
and much more!
HAPPY
VAISAKHI
Register for Free
Kayaking via
Eventbrite at
https://www.eventbrite.co.uk/e/lets-paddle-kayaking-smethwick-tickets-1286162670169?aff=oddtdtcreator
Guru Nanak Gurdwara Smethwick
130 High Street, Smethwick West Midlands B66 3AP
Tel: 0121 558 2527 | E: info@gngsmethwick.com
ਆਵਾਜ਼ਿ ਕੌਮ AWAZE QAUM
International Newspaper & WEB TV


ੴ ਸਤਿਗੁਰ ਪ੍ਰਸਾਦਿ ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਤਖਤ ਸ੍ਰੀ ਕੇਸਗੜ੍ਹ ਸਾਹਿਬ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ
ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਸਾਹਿਬ
ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ
ਭਾਈ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲੇ
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114


ਸਰਬ ਰੋਗ ਕਾ ਅਉਖਦ ਨਾਮੁ ॥
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ ॥
ਆਓ ਅੰਮ੍ਰਿਤ ਛਕੀਏ, ਸਿੰਘ ਸਜੀਏ
ਆਓ ਅੰਮ੍ਰਿਤ ਛਕੀਏ, ਸਿੰਘ ਸਜੀਏ
ਮਹਾਨ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ
ਕਥਾ ਕੀਰਤਨ ਦਰਬਾਰ 4 ਅਤੇ 5 ਅਪ੍ਰੈਲ, ਰਾਤ 6 ਤੋ 9 ਵਜੇ ਤੱਕ ਹੋਵੇਗਾ
ਅੰਮ੍ਰਿਤ ਸੰਚਾਰ ਮਿਤੀ 6 ਅਪ੍ਰੈਲ 2025 ਦਿਨ ਐਤਵਾਰ
ਸਵੇਰੇ 10.00 ਵਜੇ
ਸਥਾਨ: ਗੁਰਦੁਆਰਾ ਸਾਹਿਬ, ਪਿੰਡ ਰਾਜੀਆ (ਬਰਨਾਲਾ)
ਭਾਈ ਅਮਨਦੀਪ ਸਿੰਘ ਬਬਰ 97000-41005
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਪ੍ਰਧਾਨ ਪਰਮਜੀਤ ਸਿੰਘ 93113-00013
ਅੰਮ੍ਰਿਤ ਅਭਿਲਾਖੀ ਸੰਗਤਾਂ ਸਮੇ ਸਿਰ ਪਹੁੰਚ ਕੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ ਜੀ।
ਅੰਮ੍ਰਿਤਪਾਨ ਕਰਨ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ (ਫਰੀ) ਦਿੱਤੇ ਜਾਣਗੇ।
WATCH ON facebook/youtube
Khals MEDIA ਖਾਲਸ ਮੀਡੀਆ
ਵੱਲੋਂ: ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਸਮੂਹ ਨਗਰ ਨਿਵਾਸੀ ਅਤੇ ਇਲਾਕਾ ਨਿਵਾਸੀ ਸਿੱਖ ਸੰਗਤਾਂ ਪਿੰਡ ਰਾਜੀਆ (ਬਰਨਾਲਾ)
ਵਿਸ਼ੇਸ਼ ਸਹਿਯੋਗ: ਸਿੱਖ ਵਿਰਸਾ ਦਲ, ਪੰਜਾਬ
ਸੰਪਰਕ ਨੰਬਰ: 98141-09794, 95699-91433
ਪਹੁੰਚ ਰਹੇ: ਬਾਬਾ ਹਰਜਿੰਦਰ ਸਿੰਘ ਜੀ ਖਾਲਸਾ ਫਾਰਮ ਭੀਖੀ ਵਾਲੇ

# ਅਪੀਲ

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।**



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
**info@sgpc.net** ਅਤੇ
ਵੱਟਸਐਪ ਨੰਬਰ **77101-36200**
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਅਮਿਤ ਸ਼ਾਹ ਵੱਲੋਂ

# ਸੰਤ ਭਿੰਡਰਾਂਵਾਲਿਆਂ ਅਤੇ ਗੁਰੂ ਗ੍ਰੰਥ ਸਾਹਿਬ ਜੀ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪਿਛਲੇ ਦਿਨੀਂ ਰਾਜ ਸਭਾ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਬਾਰੇ ਅਤੇ ਗੁਰੂ ਗ੍ਰੰਥ ਸਾਹਿਬ ਜੀ ਬਾਰੇ ਗਲਤ ਬਿਆਨਬਾਜੀਂ ਕੀਤੀ ਗਈ। ਜਿਸ ਨਾਲ ਸਿੱਖਾਂ ਦੇ ਦਿਲਾਂ ਬਹੁਤ ਡੂੰਘੀ ਸੱਟ ਲੱਗੀ ਇਸ ਕਰਕੇ ਹੀ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਦੇ ਹੁਕਮਾਂ ਤੇ ਸਮੁੱਚੀ ਪਾਰਟੀ ਨੇ ਪੂਰੇ ਪੰਜਾਬ ਵਿੱਚ ਮੈਮੋਰੰਡਮ ਦਿੱਤੇ ਗਏ ਹਨ। ਇਸੇ ਹੀ ਤਹਿਤ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਿਲ੍ਹਾ ਪ੍ਰਧਾਨ ਗੁਰਨੈਬ ਸਿੰਘ ਰਾਮਪੁਰਾ ਦੀ ਅਗਵਾਈ ਹੇਠ ਸੰਗਰੂਰ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ ਗਿਆ ਕਿ ਅਮਿਤ ਸ਼ਾਹ ਪੂਰੀ ਸਿੱਖ ਕੌਮ ਤੋਂ ਜਨਤਕ ਤੌਰ ਤੇ ਮਾਫੀਂ ਮੰਗਣ। ਉਨ੍ਹਾਂ ਕਿਹਾ ਕਿ ਅਸੀ ਪੂਰਨ ਉਮੀਦ ਕਰਦੇ ਹਾਂ ਕਿ ਜਿਥੇ ਆਪ ਜੀ ਆਪਣੇ ਸਵਿਧਾਨਿਕ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਅਮਿਤ ਸ਼ਾਹ ਤੋਂ ਹੋਈ ਗੁਸਤਾਖੀ ਲਈ ਜਨਤਕ ਤੌਰ ਤੇ ਮੁਆਫੀ ਮਗਵਾਉਣ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਸਤਿਨਾਮ ਸਿੰਘ ਰੱਤੋਕੇ,ਅਮਰਜੀਤ ਸਿੰਘ ਬਾਦਸ਼ਾਹਪੁਰ, ਸਾਧੂ ਸਿੰਘ ਪੇਧਨੀ ,ਹਰਪਾਲ ਕੌਰ, ਕੁਲਵੰਤ ਸਿੰਘ ਹਾਜ਼ਰ ਸਨ।

# ਬੀਜੇਪੀ ਧੂਰੀ ਵੱਲੋਂ ਪ੍ਰਾਈਵੇਟ ਸਕੂਲਾਂ ਦੀ ਲੁੱਟ ਬੰਦ ਕਰਨ ਲਈ ਐਸ. ਡੀ. ਐਮ. ਧੂਰੀ ਨੂੰ ਦਿੱਤਾ ਮੰਗ ਪੱਤਰ

ਧੂਰੀ ( ਰਣਜੀਤ ਸਿੰਘ ਪੇਧਨੀ ) ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਾਪੇ ਆਪਣੇ ਬੱਚਿਆਂ ਦੇ ਭਵਿੱਖ ਨੂੰ ਲੈ ਕੇ ਚੰਗੇ ਸਕੂਲਾਂ ਦੀ ਭਾਲ ਵਿੱਚ ਓਹਨਾ ਦਾ ਦਾਖਲਾ 2025-26 ਸੈਸ਼ਨ ਵਿੱਚ ਕਰਵਾ ਰਹੇ ਹਨ। ਪਰ ਧੂਰੀ ਦੇ ਕਈ ਸਕੂਲ ਉਹਨਾਂ ਦੀ ਕਿਤਾਬਾਂ ਦੇ ਨਾਮ ਤੇ, ਦਾਖਲਾ ਫ਼ੀਸਾਂ ਦੇ ਨਾ ਤੇ ਵਰਦੀਆਂ ਦੇ ਨਾ ਤੇ ਲੁੱਟ ਕਰ ਰਹੇ ਹਨ। ਪਰਾਈਵੇਟ ਸਕੂਲਾਂ ਦੀ ਨੂੰ ਬੰਦ ਕਰਵਾਉਣ ਲਈ ਐਸ ਡੀ ਐਮ ਧੂਰੀ ਵਿਕਾਸ ਹੀਰਾ ਨੂੰ ਬੀਜੇਪੀ ਦੇ ਹਲਕਾ ਇੰਚਾਰਜ ਰਣਦੀਪ ਸਿੰਘ ਦਿਓਲ ਦੀ ਅਗਵਾਈ ਹੇਠ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਰਣਦੀਪ ਸਿੰਘ ਦਿਓਲ ਨੇ ਕਿਹਾ ਕਿ ਧੂਰੀ ਹਲਕੇ ਤੋਂ ਐਮ ਐਲ ਏ ਅਤੇ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸਾਹਬ ਨੇ ਵੀ ਆਪਣੀ ਧੂਰੀ ਫੇਰੀ ਦੌਰਾਨ ਪ੍ਰਾਈਵੇਟ ਸਕੂਲਾਂ ਤੇ ਨਕੇਲ ਪਾਉਣ ਦੀ ਗੱਲ ਆਖੀ ਸੀ ਪਰ ਉਸਦਾ ਵੀ ਕੋਈ ਅਸਰ ਦਿਖਾਈ ਨਹੀਂ ਦੇ ਰਿਹਾ। ਉਨ੍ਹਾਂ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਪ੍ਰਾਈਵੇਟ ਸਕੂਲਾਂ ਦੇ ਜੋ ਬਣਦੇ ਨਿਯਮ ਕਾਨੂੰਨ ਹਨ ਓਹਨਾ ਮੁਤਾਬਕ



ਚਲਣ ਲਈ ਯੋਗ ਕਾਰਵਾਈ ਕੀਤੀ ਜਾਵੇ ਤਾਂ ਜੋ ਮੱਧਮ ਵਰਗ ਅਤੇ ਗਰੀਬ ਪਰਿਵਾਰ ਆਪਣੇ ਬੱਚਿਆਂ ਦੀ ਪੜਾਈ ਦੇ ਨਾਲ ਨਾਲ ਆਪਣੀ ਜਿੰਦਗੀ ਵੀ ਸੁਖਾਲੀ ਵਤੀਤ ਕਰ ਸਕਣ। ਇਸ ਮੌਕੇ ਜਗਦੀਪ ਸਿੰਘ ਗੱਗੂ ਤੂਰ, ਕ੍ਰਿਸਨ ਗੋਪਾਲ ਨੀਲੂ ਮਿੱਤਲ, ਜਗਦੇਵ ਜਿੰਦਲ ਜੱਗਾ, ਭੁਪੇਸ਼ ਜਿੰਦਲ, ਮਨਦੀਪ ਸਿੰਘ, ਰਣਜੀਤ ਸਿੰਘ ਰਾਜੋਮਾਜਰਾ, ਅਮਨਦੀਪ ਸਿੰਘ ਪੇਧਨੀ, ਦਵਿੰਦਰ ਕਾਤਰੋਂ, ਸਾਗਰ ਸਿੰਘ, ਲਖਵਿੰਦਰ ਸਿੰਘ ਜਗਤਾਰ ਸਿੰਘ, ਗੁਰਚਰਨ ਸਿੰਘ, ਨਿਰਮਲ ਸਿੰਘ, ਗਮਦੂਰ ਸਿੰਘ,ਹਰੀਸ ਕੁਮਾਰ ਤੋ ਇਲਾਵਾ ਬੀਜੇਪੀ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਬਲਾਕ

# ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



**ਤਲਵੰਡੀ ਸਾਬੋ, 03 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ (ਰਜਿ: 85) ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਢਿੱਲੋਂ ਦੀ ਯੋਗ ਅਗਵਾਈ ਹੇਠ ਤਲਵੰਡੀ ਸਾਬੋ ਵਿਖੇ ਹੋਈ ਜਿਸ ਵਿੱਚ ਵੱਖ-ਵੱਖ ਪਿੰਡਾਂ ਵਿੱਚੋ ਕੈਮਿਸਟ ਸਾਥੀਆਂ ਨੇ ਹਿਸਾ ਲਿਆ। ਮੀਟਿੰਗ ਵਿੱਚ ਵੱਖ-ਵੱਖ ਮੁੱਦਿਆਂ 'ਤੇ ਵਿਚਾਰ ਚਰਚਾ ਹੋਈ ਅਤੇ ਅਹਿਮ ਮੁੱਦੇ ਸਰਕਾਰ ਵੱਲੋਂ ਚਲਾਈ ਮੁਹਿਮ ਯੁੱਧ ਨਸ਼ਿਆਂ ਵਿਰੁੱਧ ਦੀ ਸ਼ਲਾਘਾ ਕੀਤੀ ਅਤੇ ਸਰਕਾਰ ਦੇ ਇਸ ਫੈਸਲੇ ਦੀ ਪੂਰਨ ਸਹਿਯੋਗ ਦੇਣ ਦਾ ਫੈਸਲਾ ਲਿਆ। ਇਸ ਮੌਕੇ ਮੀਟਿੰਗ ਵਿੱਚ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ, ਹਰਚਰਨ ਸਿੰਘ ਮੀਤ ਪ੍ਰਧਾਨ, ਵਿਜੈ ਕੁਮਾਰ ਸੇਖੂ ਕੈਸ਼ੀਅਰ, ਬਲਕਾਰ ਸਿੰਘ ਜੱਜਲ ਪ੍ਰੈਸ ਸਕੱਤਰ, ਸੁਖਪਾਲ ਸਿੰਘ, ਬਹਿਮਣ ਜੱਸਾ, ਸਿਵਰਾਜ ਸਿੰਘ, ਇਕਬਾਲ ਸਿੰਘ, ਹੈਪੀ ਸੀਗੋ, ਗਗਨਦੀਪ ਸੀਗੋ, ਲਖਵਿੰਦਰ ਸੀਗੋ, ਗੁਰਦੀਪ ਗਿਆਨਾ, ਮੰਦਰ ਸਿੰਘ ਫੁੱਲੋਖਾਰੀ, ਨੈਬ ਸਿੰਘ ਲਹਿਰੀ, ਅਜੀਤਪਾਲ ਸਿੰਘ ਤਿਓਣਾ, ਹਰਭਗਵਾਨ ਸਿੰਘ ਕੋਟਬਖਤੂ, ਪਰਮਜੀਤ ਸਿੰਘ ਮਾਹੀਨੰਗਲ, ਗੁਰਲਾਲ ਸਿੰਘ ਬਹਿਮਣ ਕੌਰ ਸਿੰਘ, ਪਰਮਜੀਤ ਸਿੰਘ ਚੱਠੇਵਾਲਾ, ਬੂਟਾ ਸਿੰਘ ਜੀਵਨ ਸਿੰਘ ਵਾਲਾ, ਨਵਦੀਪ ਨਥੇਹਾ, ਬਲਤੇਜ ਸਿੰਘ ਭਾਗੀਵਾਂਦਰ, ਬੂਟਾ ਸਿੰਘ ਬੰਗੀ ਦੀਪਾ ਆਦਿ ਹਾਜਰ ਸਨ।

# ਕੇਂਦਰ ਸਰਕਾਰ ਵੱਲੋਂ ਵਕਫ਼ ਸੋਧ ਬਿੱਲ ਘੱਟਗਿਣਤੀਆਂ ਦੇ ਮਾਮਲਿਆਂ 'ਚ ਦਖ਼ਲਅੰਦਾਜ਼ੀ- ਐਡਵੋਕੇਟ ਧਾਮੀ

**ਨਵੀਂ ਦਿੱਲੀ, 3 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਲੋਕ ਸਭਾ 'ਚ ਪੇਸ਼ ਹੋਏ ਵਕਫ਼ ਸੋਧ ਬਿੱਲ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਕੇਂਦਰ ਸਰਕਾਰ ਦਾ ਘੱਟਗਿਣਤੀਆਂ ਨਾਲ ਸਬੰਧਤ ਮਾਮਲਿਆਂ ਵਿਚ ਸਿੱਧਾ ਦਖ਼ਲ ਹੈ। ਉਨ੍ਹਾਂ



ਕਿਹਾ ਕਿ ਇਹ ਸੋਧ ਬਿੱਲ ਸਬੰਧਤ ਧਿਰਾਂ ਨੂੰ ਵਿਸ਼ਵਾਸ ਵਿਚ ਲਏ ਬਿਨਾਂ ਲਿਆਂਦਾ ਗਿਆ ਹੈ, ਜਿਸ ਨਾਲ ਵੱਡਾ ਵਿਵਾਦ ਬਣਿਆ ਹੈ। ਉਨ੍ਹਾਂ ਕਿਹਾ ਕਿ ਇੰਝ ਲੱਗ ਰਿਹਾ ਹੈ ਕਿ ਸਰਕਾਰ ਦੀ ਮਨਸ਼ਾ ਘੱਟਗਿਣਤੀਆਂ ਦੇ ਅਧਿਕਾਰਾਂ ਨੂੰ ਖ਼ਤਮ ਕਰਕੇ ਪ੍ਰਬੰਧਾਂ ਨੂੰ ਆਪਣੇ ਅਨੁਸਾਰ ਚਲਾਉਣ ਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਹਮੇਸ਼ਾ ਹੀ ਘੱਟਗਿਣਤੀਆਂ ਦੇ ਹੱਕ-ਹਕੂਕ ਸੁਰੱਖਿਅਤ ਰੱਖਣ ਦੀ ਹਾਮੀ ਰਹੀ ਹੈ ਅਤੇ ਉਹ ਘੱਟਗਿਣਤੀ ਭਾਈਚਾਰੇ ਦੇ ਹੱਕਾਂ ਖਿਲਾਫ਼ ਲਏ ਗਏ ਕਿਸੇ ਵੀ ਫੈਸਲੇ ਦਾ ਵਿਰੋਧ ਕਰਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪਹਿਲਾਂ ਵੀ ਘੱਟਗਿਣਤੀਆਂ ਨੂੰ ਦਬਾਉਣ ਦੀ ਨੀਤੀ ਤਹਿਤ ਦੇਸ਼ ਅੰਦਰ ਯੂਨੀਫਾਰਮ ਸਿਵਲ ਕੋਡ ਲਿਆਂਦਾ ਸੀ, ਜੋ ਵੱਖ-ਵੱਖ ਕੌਮਾਂ, ਧਰਮਾਂ ਦੇ ਨਿੱਜੀ ਕਾਨੂੰਨਾਂ ਅਤੇ ਧਾਰਮਿਕ ਅਕੀਦਿਆਂ ਵਿਚ ਸਿੱਧੀ ਦਖ਼ਲਅੰਦਾਜ਼ੀ ਸੀ। ਇਸੇ ਤਰ੍ਹਾਂ ਫ਼ੌਜ ਵਿਚ ਸਿੱਧੀ ਭਰਤੀ ਦੀ ਥਾਂ ਅਗਨੀਵੀਰ ਜਿਹੇ ਫੈਸਲਿਆਂ ਨਾਲ ਘੱਟਗਿਣਤੀਆਂ ਦੇ ਰਾਖਵੇਂ ਹੱਕ ਖੋਹਣ ਦੀ ਕੋਸ਼ਿਸ਼ ਕੀਤੀ ਗਈ। ਫ਼ੌਜ ਅੰਦਰ ਸਿੱਖ ਫ਼ੌਜੀਆਂ ਨੂੰ ਸਰਕਾਰ ਦਾ ਲਾਜ਼ਮੀ ਤੌਰ 'ਤੇ ਹੈਲਮੈਟ ਪਾਉਣ ਲਈ ਨਿਯਮ ਬਣਾਉਣਾ ਵੀ ਇਸੇ ਨੀਤੀ ਦਾ ਹਿੱਸਾ ਸੀ, ਜਿਸ ਦਾ ਵੱਡੇ ਪੱਧਰ 'ਤੇ ਵਿਰੋਧ ਹੋਇਆ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਰਕਾਰ ਨੂੰ ਘੱਟਗਿਣਤੀ ਭਾਈਚਾਰਿਆਂ ਨਾਲ ਸਲਾਹ ਕੀਤੇ ਬਿਨਾਂ ਉਨ੍ਹਾਂ ਨਾਲ ਸਬੰਧਤ ਮਾਮਲਿਆਂ ਵਿਚ ਕਿਸੇ ਤਰ੍ਹਾਂ ਦੀ ਦਖ਼ਲਅੰਦਾਜ਼ੀ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਘੱਟਗਿਣਤੀ ਭਾਈਚਾਰਿਆਂ ਨੂੰ ਆਪਣੀ ਵਿਰਾਸਤ ਅਤੇ ਧਾਰਮਿਕ ਅਦਾਰਿਆਂ ਦੀ ਸੁਰੱਖਿਆ ਦਾ ਪੂਰਾ ਹੱਕ ਹੈ ਅਤੇ ਵਕਫ਼ ਸੋਧ ਬਿੱਲ ਵਰਗੇ ਕਾਨੂੰਨ ਇਸ ਹੱਕ ਨੂੰ ਕਮਜ਼ੋਰ ਕਰਨ ਦਾ ਯਤਨ ਹਨ। ਇਸ ਨਾਲ ਭਾਈਚਾਰੇ ਦੇ ਹੱਕ ਹਕੂਕ ਅਤੇ ਸਰੋਕਾਰ ਪ੍ਰਭਾਵਿਤ ਹੋਣਗੇ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਦੀ ਘੱਟਗਿਣਤੀਆਂ ਨਾਲ ਸਬੰਧਤ ਮਾਮਲਿਆਂ ਵਿਚ ਅਜਿਹੀ ਨੀਤੀ ਠੀਕ ਨਹੀਂ ਹੈ। ਸਰਕਾਰ ਨੂੰ ਇਹ ਬਿੱਲ ਵਾਪਸ ਲੈਣਾ ਚਾਹੀਦਾ ਹੈ ਅਤੇ ਘੱਟਗਿਣਤੀਆਂ ਦੇ ਨੁਮਾਇੰਦਿਆਂ ਨਾਲ ਸਲਾਹ ਮਸ਼ਵਰਾ ਕੀਤੇ ਬਿਨਾਂ ਅਜਿਹੇ ਕਿਸੇ ਵੀ ਫੈਸਲੇ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

# ਸੁਪਰੀਮ ਕੋਰਟ ਦੇ ਆਦੇਸ਼ਾਂ ਦੀ ਉਲੰਘਣਾ ਅਤੇ ਕਾਨੂੰਨੀ ਪ੍ਰਕਿਰਿਆ ਛੱਡ ਪੰਜਾਬ ਪੁਲਿਸ ਵਲੋਂ ਕੀਤੇ ਜਾ ਰਹੇ ਮੁਕਾਬਲੇ ਅਤੇ ਬੁਲਡੋਜਰ ਦੀ ਵਰਤੋਂ ਚਿੰਤਾਜਨਕ: ਬੀਬੀ ਰਣਜੀਤ ਕੌਰ

**ਨਵੀਂ ਦਿੱਲੀ 3 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ ਅੰਦਰ 1 ਜਨਵਰੀ ਤੋਂ ਲੈ ਕੇ 31 ਮਾਰਚ ਤੱਕ 41 ਪੁਲਿਸ ਮੁਕਾਬਲੇ ਹੋਏ ਹਨ ਜੋ ਪਿਛਲੇ ਸਾਲ ਹੋਏ ਕੁੱਲ 64 ਮੁਕਾਬਲਿਆਂ ਨਾਲੋਂ ਕਿਤੇ ਜ਼ਿਆਦਾ ਹਨ। ਤਕਰੀਬਨ ਦੋ ਦਿਨਾਂ 'ਚ ਇਕ ਮੁਕਾਬਲਾ ਹੋ ਰਿਹਾ ਹੈ ਜਿਥੋਂ ਪਤਾ ਲਗਦਾ ਹੈ ਕਿ ਪੁਲਿਸ ਨੂੰ ਸੂਬਾ ਸਰਕਾਰ ਅਤੇ ਸਿਖਰਲੇ ਅਧਿਕਾਰੀਆਂ ਦੀ ਪ੍ਰਵਾਨਗੀ ਮਿਲੀ ਹੋ ਸਕਦੀ ਹੈ। ਦੇਸ਼ ਦੀ ਸੁਪਰੀਮ ਕੋਰਟ ਆਫ ਇੰਡੀਆ ਨੇ ਵੀ ਆਪਣੀ ਰੂਲਿੰਗ ਰਾਹੀ ਹੁਕਮ ਕੀਤੇ ਹਨ ਕਿ ਕੋਈ



ਵੀ ਪੁਲਿਸ, ਸਰਕਾਰ ਜਾਂ ਫੋਰਸ ਕਿਸੇ ਦੇ ਵੀ ਮਕਾਨ, ਕਾਰੋਬਾਰ ਦੀ ਇਮਾਰਤ ਨੂੰ ਨਹੀ ਢਾਹ ਸਕਦੀ, ਦੇ ਬਾਵਜੂਦ ਪੰਜਾਬ ਸਰਕਾਰ ਵਲੋਂ ਇੰਨ੍ਹਾ ਆਦੇਸ਼ਾਂ ਦੀ ਪਰਵਾਹ ਕਿਤੇ ਬਿਨਾਂ ਪੁਲਿਸ ਮੁਕਾਬਲੇ ਬਣਾਉਣੇ ਅਤੇ ਘਰ ਕਾਰੋਬਾਰੀ ਸੰਸਥਾਵਾਂ ਨੂੰ ਢਾਹੁਣਾ ਅੱਤ ਨਿੰਦਣਯੋਗ ਹੈ । ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਮਹਿਲਾ ਵਿੰਗ ਦੇ ਮੁੱਖੀ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਿਹਾ ਕਿ ਕਾਨੂੰਨ ਤੇ ਅਦਾਲਤਾਂ ਜਦੋ ਇਸ ਗੱਲ ਦਾ ਆਦੇਸ ਦਿੰਦੀਆ ਹਨ ਕਿ ਕਿਸੇ ਵੀ ਗੈਰ ਕਾਨੂੰਨੀ ਅਮਲ ਕਰਨ ਵਾਲੇ ਇਨਸਾਨ ਨੂੰ ਉਦੋ ਤੱਕ ਸਜ਼ਾ ਨਹੀ ਦਿੱਤੀ ਜਾ ਸਕਦੀ ਜਦੋ ਤੱਕ ਉਸ ਨੂੰ ਕਾਨੂੰਨੀ ਪ੍ਰਕਿਰਿਆ ਵਿਚੋ ਲੰਘਾਕੇ ਉਸਦੇ ਦੋਸ਼ ਨੂੰ ਸਾਬਤ ਨਹੀ ਕੀਤਾ ਜਾਂਦਾ, ਫਿਰ ਪੰਜਾਬ ਸਰਕਾਰ ਅਤੇ ਪੁਲਿਸ ਆਪ ਹੀ ਜੱਜ ਅਤੇ ਆਪ ਹੀ ਇਨਸਾਫ ਦੇਣ ਵਾਲੀ ਅਣਮਨੁੱਖੀ ਅਮਲ ਪੰਜਾਬ ਵਿਚ ਕਰਕੇ ਇਥੋ ਦੇ ਨਿਵਾਸੀਆ ਵਿਚ ਦਹਿਸਤ ਕਿਉਂ ਪਾ ਰਹੀ ਹੈ। ਸਰਕਾਰ ਤੇ ਪੁਲਿਸ ਵੱਲੋ ਕਾਨੂੰਨ ਅਨੁਸਾਰ ਅਮਲ ਕਰਨ ਦੀ ਬਜਾਇ ਆਮ ਲੋਕਾਂ ਨੂੰ ਨਿਸ਼ਾਨਾਂ ਬਣਾਕੇ ਅਤੇ ਝੂਠੇ ਪੁਲਿਸ ਮੁਕਾਬਲੇ ਬਣਾਕੇ ਕਾਨੂੰਨੀ ਵਿਵਸਥਾਂ ਨੂੰ ਕਾਇਮ ਰੱਖਣ ਦੇ ਬਹਾਨੇ ਹੇਠ ਇਥੋ ਦੇ ਨਿਵਾਸੀਆ ਨਾਲ ਜ਼ਬਰ ਢਾਹਿਆ ਜਾ ਰਿਹਾ ਹੈ । ਪੁਲਿਸ ਨੂੰ ਮੁਕਾਬਲਿਆਂ ਲਈ ਦਿੱਤੀਆਂ ਖੁੱਲ੍ਹੀਆਂ ਤਾਕਤਾਂ ਇਕ ਚਿੰਤਾਜਨਕ ਚਿਤਾਵਨੀ ਮਿਲ ਰਹੀ ਹੈ ਕਿ ਇੰਨ੍ਹਾ ਅਧਿਕਾਰਾਂ ਦਾ ਵੱਡੇ ਪੱਧਰ ਤੇ ਦੁਰਉਪਯੋਗ ਹੋ ਸਕਦਾ ਹੈ ਪੰਜਾਬ ਅੰਦਰ ਪਹਿਲਾਂ ਵੀਂ ਵਡੀ ਗਿਣਤੀ ਅੰਦਰ ਫਰਜ਼ੀ ਮੁਕਾਬਲੇ ਕਰਕੇ ਨੌਜੁਆਨੀ ਨੂੰ ਮਾਰ ਮੁਕਾਇਆ ਗਿਆ ਸੀ । ਵਿਸ਼ੇਸ਼ ਅਧਿਕਾਰ ਮਿਲਣ ਨਾਲ ਵਿਅਕਤੀ ਕਾਨੂੰਨ ਆਪਣੇ ਹੱਥਾਂ 'ਚ ਲੈ ਲੈਂਦਾ ਹੈ। ਪੰਜਾਬ 'ਚ ਫ਼ਰਜ਼ੀ ਮੁਕਾਬਲਿਆਂ ਦਾ ਇਤਿਹਾਸ ਰਿਹਾ ਹੈ, 25 ਹਜਾਰ ਤੋ ਵੱਧ ਫਰਜ਼ੀ ਮੁਕਾਬਲਿਆ ਨੂੰ ਜਗਜ਼ਾਹਿਰ ਕਰਣ ਵਾਲੇ ਜਸਵੰਤ ਸਿੰਘ ਖਾਲੜਾ ਦਾ ਵੀ ਮੁਕਾਬਲਾ ਬਣਾ ਕੇ ਖਪਾ ਦਿੱਤਾ ਗਿਆ । ਇਹ ਇਕ ਚਿੰਤਾਜਨਕ ਖ਼ਤਰਨਾਕ ਰੁਝਾਨ ਹੈ ਜੋ ਕਾਨੂੰਨ ਦੇ ਰਾਜ ਨੂੰ ਕਮਜ਼ੋਰ ਬਣਾਉਂਦਾ ਹੈ। ਜੇ ਇਸ ਰੁਝਾਨ ਨੂੰ ਠੱਲ੍ਹ ਨਾ ਪਈ ਤਾਂ ਇੰਝ ਮਹਿਸੂਸ ਹੁੰਦਾ ਹੈ ਕਿ ਬੇਕਸੂਰ ਵਿਅਕਤੀਆਂ ਨੂੰ ਵੀ ਨੁਕਸਾਨ ਪਹੁੰਚਾਇਆ ਜਾ ਸਕਦਾ ਹੈ ਜੋ ਕਿ ਕਿਸੇ ਵੀਂ ਲੋਕਤੰਤਰ ਅੰਦਰ ਸਹਿਣ ਯੋਗ ਨਹੀਂ ਹੋ ਸਕਦਾ ਹੈ । ਸੂਬੇ ਅੰਦਰ ਅਰਾਜਕਤਾ ਫੈਲਾਅ ਕੇ ਕੇਂਦਰੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ। ਇਹ ਇਕ ਹਕੂਮਤੀ ਸਾਜਿਸ ਅਧੀਨ ਪੰਜਾਬ ਦੇ ਮਾਹੌਲ ਨੂੰ ਗੰਧਲਾ ਕਰਨ ਅਤੇ ਪੰਜਾਬੀਆਂ ਤੇ ਸਿੱਖਾਂ ਨੂੰ ਨਿਸ਼ਾਨਾਂ ਬਣਾਉਣ ਦੀ ਮੰਦਭਾਵਨਾ ਅਧੀਨ ਉਨ੍ਹਾਂ ਤੇ ਜ਼ਬਰ ਢਾਹੁਣ ਲਈ ਮਾਹੌਲ ਬਣਾਇਆ ਜਾ ਰਿਹਾ ਹੈ । ਜਿਸਦਾ ਅਸੀ ਸਖਤ ਨੋਟਿਸ ਲੈਂਦੇ ਹੋਏ ਇਸਦੀ ਉੱਚ ਪੱਧਰੀ ਜਾਂਚ ਦੀ ਜਿਥੇ ਮੰਗ ਕਰਦੇ ਹਾਂ, ਉਥੇ ਬੁਲਡੋਜਰ ਨੀਤੀ ਅਧੀਨ ਢਾਹੇ ਜਾ ਰਹੇ ਘਰਾਂ ਦੇ ਪੁਲਿਸ ਅਧਿਕਾਰੀਆ ਵਿਰੁੱਧ ਕਾਰਵਾਈ ਮੰਗਦੇ ਹਾਂ । ਅੱਜ ਪੰਜਾਬ ਦਾ ਹਰ ਵਰਗ ਮਹਿਸੂਸ ਕਰਦਾ ਹੈ ਕਿ 2022 ਵਿਚ ਉਨ੍ਹਾਂ ਨੇ ਝਾੜੂ ਪਾਰਟੀ ਨੂੰ ਵੋਟਾਂ ਪਾ ਕੇ ਖ਼ੁਦ ਨਾਲ ਧਰੋਹ ਕਮਾਇਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਮਰੀਕਾ ਦੇ ਵਾਸ਼ਿੰਗਟਨ ਡੀ ਸੀ ਵਿਖ਼ੇ

# 5 ਅਪ੍ਰੈਲ ਨੂੰ ਕੱਢੀ ਜਾਏਗੀ ਸਾਲਾਨਾ ਸਿੱਖ ਡੇਅ ਪਰੇਡ: ਹਿੰਮਤ ਸਿੰਘ ਯੂਐਸਏ



**ਨਵੀਂ ਦਿੱਲੀ 3 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਅਮਰੀਕੀ ਸਿੱਖ ਸੰਸਥਾ ਸਿੱਖ ਕੋ ਆਰਡੀਨੈਸ਼ਨ ਦੇ ਮੈਂਬਰ ਅਤੇ ਪੰਥਕ ਸੇਵਾਦਾਰ ਭਾਈ ਹਿੰਮਤ ਸਿੰਘ ਯੂਐਸਏ 326 ਵੇਂ ਵਿਸਾਖੀ ਪੁਰਬ ਮੌਕੇ ਨਿਕਾਲੀ ਜਾਣ ਵਾਲੀ ਸਾਲਾਨਾ ਸਿੱਖ ਡੇਅ ਪਰੇਡ ਬਾਰੇ ਜਾਣਕਾਰੀ ਦੇਂਦਿਆਂ ਦਸਿਆ ਕਿ ਹਰ ਸਾਲ ਦੀ ਤਰਾਂ ਖਾਲਸਾ ਜੀ ਦੇ ਸਾਜਨਾ ਦਿਵਸ ਅਤੇ ਵਿਸਾਖੀ ਨੂੰ ਸਮਰਪਿਤ 8ਵੀਂ ਨੈਸ਼ਨਲ ਸਿੱਖ ਡੇਅ ਪਰੇਡ 5 ਅਪ੍ਰੈਲ 2025 ਦਿਨ ਸ਼ਨੀਵਾਰ ਨੂੰ ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀਸੀ ਵਿਚ ਸਮੁੱਚੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਪੰਥਕ ਜਥੇਬੰਦੀਆਂ ਅਤੇ ਸਿੱਖ ਸੰਗਤਾਂ ਦੇ ਸਹਿਜਿਗ ਨਾਲ ਬੜੀ ਸ਼ਾਨੋ ਸ਼ੌਕਤ ਨਾਲ ਕੱਢੀ ਜਾ ਰਹੀ ਹੈ । ਇਹ ਪਰੇਡ ਅਮਰੀਕਾ ਦੇ ਈਸਟ-ਕੋਸਟ, ਮਿਡ ਵੈਸਟ ਅਤੇ ਵੈਸਟ-ਕੋਸਟ ਦੀਆਂ ਸਮੁੱਚੀਆਂ ਸਿੱਖ ਸੰਗਤਾਂ ਦੀ ਸਰਬ ਸਾਂਝੀ ਪਰੇਡ ਹੈ ਅਤੇ ਵਾਸ਼ਿੰਗਟਨ ਡੀ ਸੀ ਜੋ ਕੇ ਅਮਰੀਕਾ ਦੀ ਹੀ ਨਹੀਂ ਬਲਕਿ ਦੁਨੀਆ ਦੀ ਵੀ ਰਾਜਧਾਨੀ ਮੰਨੀ ਜਾਂਦੀ ਹੈ ਅਤੇ ਇਥੇ ਹੋਣ ਵਾਲੀ ਇਸ ਸਿੱਖ ਡੇ ਪਰੇਡ ਦੀ ਇਕ ਆਪਣੀ ਵਿਸ਼ੇਸ਼ ਥਾਂ ਅਤੇ ਰਾਜਨੀਤਿਕ ਮਹੱਤਤਾ ਹੈ । ਵਿਸਾਖੀ ਨੂੰ ਗੁਰੂ ਨਾਨਕ ਸਾਹਿਬ ਦੇ ਚਲਾਏ ਨਿਰਮਲ ਪੰਥ ਨੂੰ ਗੁਰੂ ਗੋਬਿੰਦ ਸਿੰਘ ਮਹਾਰਾਜ ਵਲੋਂ ਖਾਲਸਾ ਪੰਥ ਦੇ ਰੂਪ ਵਿਚ ਪ੍ਰਗਟ ਕਰਨ ਦੀ ਖੁਸ਼ੀ ਵਿਚ ਇਸ ਨੈਸ਼ਨਲ ਸਿੱਖ ਡੇਅ ਪਰੇਡ ਵਿਚ ਸਾਰੀਆਂ ਸਿੱਖ ਸੰਗਤਾਂ ਨੂੰ ਦੂਰੋਂ ਨੇੜਿਓਂ ਵੱਧ ਚੜ ਕੇ ਸ਼ਾਮਿਲ ਹੋਣਾ ਚਾਹੀਦਾ ਹੈ ਤਾਂ ਕੇ ਸਿਖਾਂ ਦੀ ਅੱਡਰੀ ਪਛਾਣ ਨੂੰ ਦੁਨੀਆ ਦੇ ਸਾਹਮਣੇ ਪ੍ਰਗਟ ਕੀਤਾ ਜਾਵੇ ਅਤੇ ਅਮਰੀਕਾ ਦੀ ਰਾਜਧਾਨੀ ਵਿਚ ਵੱਧ ਤੋਂ ਵੱਧ ਗਿਣਤੀ ਵਿਚ ਪਹੁੰਚ ਕੇ ਅਮਰੀਕੀ ਪੌਲਿਟਿਕਸ ਵਿੱਚ ਸਿੱਖਾਂ ਦੇ ਪ੍ਰਭਾਵ ਨੂੰ ਦਰਸਾਉਂਦੇ ਹੋਏ ਆਪਣੀ ਅਗਲੀ ਪੀੜ੍ਹੀ ਨੂੰ ਸਿੱਖੀ ਬਾਰੇ ਉਤਸ਼ਾਹਿਤ ਕਰੀਏ ਅਤੇ ਨਾਲ ਹੀ ਅਮਰੀਕੀ ਸਿਆਸਤ ਵਿਚ ਸਰਗਰਮ ਹੋਣ ਲਈ ਵੀ ਪ੍ਰੇਰਿਆ ਜਾ ਸਕੇ ਤਾਂ ਕੇ ਆਉਣ ਵਾਲੇ ਸਮੇ ਵਿਚ ਸਾਡੇ ਲੋਕਲ ਅਤੇ ਕੌਮੀ ਸਿੱਖ ਮਸਲਿਆਂ ਨੂੰ ਅਗੇ ਲਿਆਉਣ ਅਤੇ ਹੱਲ ਕਰਨ ਵੱਲ ਵਧਿਆ ਜਾਵੇ । ਉਨ੍ਹਾਂ ਦਸਿਆ ਕਿ 5 ਅਪ੍ਰੈਲ ਨੂੰ ਸਵੇਰੇ 20 ਸਟ੍ਰੀਟ ਕੋਂਸਟੀਟਿਊਸ਼ਨ ਐਵੇਂਨਿਊ ਵਿਖ਼ੇ ਦੀਵਾਨ ਸਜਾਏ ਜਾਣਗੇ ਉਪਰੰਤ ਦੁਪਹਿਰ 12.30 ਵਜੇ ਖਾਲਸਾ ਡੇਅ ਪਰੇਡ ਸ਼ੁਰੂ ਹੋਏਗੀ ਜੋ ਵੱਖ ਵੱਖ ਇਲਾਕਿਆ ਤੋ ਹੁੰਦੀ ਹੋਈ 3 ਸਟ੍ਰੀਟ ਕੈਪੀਟਲ ਹਿਲ ਵਿਖ਼ੇ ਸਮਾਪਤ ਹੋਵੇਗੀ । ਉਨ੍ਹਾਂ ਦਸਿਆ ਕਿ ਖਾਲਸਾ ਡੇਅ ਪਰੇਡ ਦੌਰਾਨ ਸੰਗਤਾਂ ਵਲੋਂ ਖਾਣ ਪੀਣ ਦੇ ਸਟਾਲ ਲਗਾਏ ਜਾਂਦੇ ਹਨ । ਅੰਤ ਵਿਚ ਉਨ੍ਹਾਂ ਸੰਗਤ ਨੂੰ ਸਾਲਾਨਾ ਸਿੱਖ ਡੇ ਪਰੇਡ ਵਿਚ ਵਡੀ ਗਿਣਤੀ ਅੰਦਰ ਸ਼ਾਮਿਲ ਹੋ ਕੇ ਸਤਿਗੁਰਾਂ ਦੀਆਂ ਖੁਸ਼ੀਆਂ ਹਾਸਿਲ ਕਰਣ ਲਈ ਅਪੀਲ ਕੀਤੀ । ਇਸ ਮੌਕੇ ਉਨ੍ਹਾਂ ਨਾਲ ਭਾਈ ਹਰਜਿੰਦਰ ਸਿੰਘ, ਭਾਈ ਵੀਰ ਸਿੰਘ ਮਾਂਗਟ, ਭਾਈ ਕੇਵਲ ਸਿੰਘ ਸਿੱਧੂ ਅਤੇ ਦਵਿੰਦਰ ਸਿੰਘ ਹਾਜਿਰ ਸਨ ।

### ਸਿੱਖ ਜਥੇਬੰਦੀਆਂ ਵਲੋਂ ਭਾਈ ਮਹਿਲ ਸਿੰਘ ਬੱਬਰ ਦੀ ਯਾਦ ਵਿੱਚ

# ਸਮਾਗਮ ਬ੍ਰਮਿੰਘਮ ਵਿਖ਼ੇ ਐਤਵਾਰ 6 ਅਪ੍ਰੈਲ ਨੂੰ ਹੋਣਗੇ: ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ. ਕੇ.



**ਨਵੀਂ ਦਿੱਲੀ 3 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਬੱਬਰ ਖਾਲਸਾ ਇੰਟਰਨੈਸ਼ਨਲ ਦੇ ਜਨਰਲ ਸਕੱਤਰ ਭਾਈ ਮਹਿਲ ਸਿੰਘ ਬੱਬਰ ਨਮਿੱਤ ਸ਼ਰਧਾਂਜ਼ਲੀ ਸਮਾਗਮ 6 ਅਪ੍ਰੈਲ ਐਤਵਾਰ ਵਾਲੇ ਦਿਨ ਗੁਰੂ ਨਾਨਕ ਗੁਰਦਵਾਰਾ ਸਮੈਦਿਕ, ਬ੍ਰਮਿੰਘਮ ਵਿਖ਼ੇ ਹੋਵੇਗਾ । ਸਿੱਖ ਕੌਮ ਵਾਸਤੇ ਭਾਈ ਮਹਿਲ ਸਿੰਘ ਦਾ ਅਕਾਲ ਚਲਾਣਾ ਬਹੁਤ ਦੁੱਖਦਾਇਕ ਹੈ । ਕਿਸੇ ਵੀ ਸੰਘਰਸ਼ਮਈ ਜੁਝਾਰੂ ਦਾ ਵਿਛੋੜਾ ਬਹੁਤ ਹੀ ਅਸਿਹ ਅਤੇ ਕੌਮੀ ਸੰਘਰਸ਼ ਵਾਸਤੇ ਵੱਡੇ ਘਾਟੇ ਦੀ ਨਿਆਈ ਹੋਇਆ ਕਰਦਾ ਹੈ । ਭਾਈ ਮਹਿਲ ਸਿੰਘ ਬੱਬਰ ਜੋ ਕਿ ਸ਼ਹੀਦ ਜਥੇਦਾਰ ਸੁਖਦੇਵ ਸਿੰਘ ਬੱਬਰ ਦੇ ਭਰਾ ਸੀ ਅਤੇ ਲੰਬੇ ਅਰਸੇ ਤੋਂ ਭਾਰਤ ਦੇ ਗਵਾਂਡੀ ਮੁਲਕ ਪਾਕਿਸਤਾਨ ਵਿੱਚ ਗੁੰਮਨਾਮੀ ਦੀ ਜਿੰਦਗੀ ਬਤੀਤ ਕਰਦੇ ਹੋਏ ਖਾਲਿਸਤਾਨ ਦੇ ਚੱਲ ਰਹੇ ਸੰਘਰਸ਼ ਵਾਸਤੇ ਯਤਨਸ਼ੀਲ ਸਨ । ਸਿੱਖ ਕੌਮ ਵਾਸਭਾਈ ਮਹਿਲ ਸਿੰਘ ਬੱਬਰ ਨੇ ਏਅਰ ਫੋਰਸ ਵਿੱਚ ਆਪਣੀ ਇੰਜੀਨੀਅਰਿੰਗ ਦੀ ਨੌਕਰੀ ਤਿਆਗ ਕੇ ਸਿੱਖ ਕੌਮ ਦੇ ਗਲੋਂ ਗੁਲਾਮੀ ਲਾਹੁਣ ਵਾਸਤੇ ਚੱਲ ਰਹੇ ਸੰਘਰਸ਼ ਵਿੱਚ ਸ਼ਮੂਲੀਅਤ ਕੀਤੀ ਅਤੇ ਆਖਰੀ ਦਮ ਤੱਕ ਖਾਲਿਸਤਾਨ ਦੇ ਨਿਸ਼ਾਨੇ ਪ੍ਰਤੀ ਦ੍ਰਿੜ ਰਹੇ ਅਤੇ ਭਾਰਤ ਸਰਕਾਰ ਮੂਹਰੇ ਗੋਡੇ ਨਹੀਂ ਟੇਕੇ । ਭਾਰਤ ਸਰਕਾਰ ਵਲੋਂ ਅਤਿ ਲੋੜੀਂਦੇ ਸਿੱਖ ਖਾੜਕੂਆ ਦੀ ਸੂਚੀ ਵਿੱਚ ਸ਼ਾਮਲ ਭਾਈ ਮਹਿਲ ਸਿੰਘ ਨੇ ਪਾਕਿਸਤਾਨ ਵਿੱਚ ਰਹਿ ਕੇ ਜਿੱਥੇ ਧਾਰਮਿਕ ਅਤੇ ਸਮਾਜਿਕ ਖੇਤਰ ਵਿੱਚ ਸੇਵਾਵਾਂ ਨਿਭਾਈਆਂ ਉੱਥੇ ਖਾਲਿਸਤਾਨ ਦੇ ਸੰਘਰਸ਼ ਨੂੰ ਪਾਕਿਸਤਾਨ ਦੇ ਰੇਡੀਓ ਤੇ " ਪੰਜਾਬੀ ਦਰਬਾਰ " ਨਾਮਕ ਪ੍ਰੋਗਰਾਮ ਨਾਲ ਸਿੱਖ ਕੌਮ ਨੂੰ ਜਾਗਰੂਕ ਕੀਤਾ । ਇਹ ਪ੍ਰੋਗਰਾਮ ਖਾਲਿਸਤਾਨ ਕਮਾਂਡੋ ਫੋਰਸ ਦੇ ਮੁਖੀ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ ਅਤੇ ਭਾਈ ਮਹਿਲ ਸਿੰਘ ਬੱਬਰ ਦੀ ਵਿਸ਼ੇਸ਼ ਭੂਮਿਕਾ ਨਾਲ ਕਈ ਸਾਲ ਚੱਲਦਾ ਰਿਹਾ ਸੀ । ਜਿਸ ਪ੍ਰੋਗਰਾਮ ਨੂੰ ਭਾਰਤ ਸਰਕਾਰ ਦੇ ਕਰਿੰਦਿਆਂ ਨੇ ਤੋਪ ਦੇ ਗੋਲੇ ਨਾਲੋਂ ਵੀ ਖਤਰਨਾਕ ਆਖਿਆ ਸੀ । ਬਰਤਾਨੀਆ ਵਿੱਚ ਆਜ਼ਾਦ ਸਿੱਖ ਰਾਜ ਖਾਲਿਸਤਾਨ ਦੇ ਨਿਸ਼ਾਨੇ ਨੂੰ ਸਮਰਪਿਤ ਅਤੇ ਯਤਨਸ਼ੀਲ ਸਿੱਖ ਜਥੇਬੰਦੀਆਂ ਦੇ ਸੰਗਠਨ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਵਲੋਂ ਗੁਰਦਵਾਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਭਾਈ ਮਹਿਲ ਸਿੰਘ ਬੱਬਰ ਦੀ ਯਾਦ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਜਾ ਰਿਹਾ ਹੈ । ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਦੇ ਕੋਆਰਡੀਨੇਟਰ ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ ਅਤੇ ਗੁਰੂ ਨਾਨਕ ਗੁਰਦਵਾਰਾ ਸਮੈਦਿਕ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਕੁਲਦੀਪ ਸਿੰਘ ਦਿਉਲ ਵਲੋਂ ਸਿੱਖ ਸੰਗਤਾਂ ਅਤੇ ਸਿੱਖ ਜਥੇਬੰਦੀਆਂ ਨੂੰ ਇਸ ਸ਼ਰਧਾਂਜਲੀ ਸਮਾਗਮ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ ਹੈ । ਭਾਈ ਮਹਿਲ ਸਿੰਘ ਬੱਬਰ ਵਲੋਂ ਖਾਲਿਸਤਾਨ ਦੇ ਸੰਘਰਸ਼ ਵਿੱਚ ਨਿਭਾਏ ਗਏ ਰੋਲ ਦੀ ਹਾਰਦਿਕ ਪ੍ਰਸ਼ੰਸਾ ਕਰਦਿਆਂ ਆਖਿਆ ਗਿਆ ਕਿ ਅਕਾਲ ਪੁਰਖ ਵਾਹਿਗੁਰੂ ਭਾਈ ਮਹਿਲ ਸਿੰਘ ਬੱਬਰ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ਣ ।

# ਮੀਤ ਹੇਅਰ ਨੇ ਪਾਰਲੀਮੈਂਟ ਵਿੱਚ ਆੜ੍ਹਤੀਆਂ ਦੇ ਕਮਿਸ਼ਨ ਅਤੇ ਪੰਜਾਬ ਲਈ ਸਪੈਸ਼ਲਾਂ ਵਧਾਉਣ ਦਾ ਮੁੱਦਾ ਚੁੱਕਿਆ



**ਨਵੀਂ ਦਿੱਲੀ, 3 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਪਾਰਲੀਮੈਂਟ ਦੇ ਸਿਫਰ ਕਾਲ ਦੌਰਾਨ ਫਸਲ ਦੀ ਖ਼ਰੀਦ ਨਾਲ ਜੁੜੇ ਦੋ ਅਹਿਮ ਮੁੱਦੇ ਉਠਾਉਂਦਿਆਂ ਆੜ੍ਹਤੀਆਂ ਨੂੰ ਕਣਕ ਅਤੇ ਝੋਨੇ ਉੱਪਰ ਮਿਲਣ ਵਾਲੇ ਕਮਿਸ਼ਨ ਨੂੰ ਪਹਿਲ਼ਾ ਵਾਂਗ ਐਮ.ਐਸ.ਪੀ. ਦਾ ਢਾਈ ਫੀਸਦੀ ਨਿਰਧਾਰਤ ਕਰਨ ਅਤੇ ਗੁਦਾਮਾਂ ਵਿੱਚੋਂ ਝੋਨੇ ਦੀ ਚੁਕਾਈ ਨੂੰ ਤੇਜ਼ ਕਰਨ ਲਈ ਪੰਜਾਬ ਲਈ ਸਪੈਸ਼ਲਾਂ ਵਧਾਉਣ ਦੀ ਮੰਗ ਰੱਖੀ। ਉਨ੍ਹਾਂ ਕਿਹਾ ਕਿ ਫਸਲ ਦੀ ਖ਼ਰੀਦ ਨੂੰ ਸੁਚਾਰੂ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਇਨ੍ਹਾਂ ਮਸਲਿਆਂ ਦਾ ਤੁਰੰਤ ਹੱਲ ਕੀਤਾ ਜਾਵੇ। ਮੀਤ ਹੇਅਰ ਨੇ ਕਿਹਾ ਕਿ 2019-20 ਤੱਕ ਕਣਕ ਤੇ ਝੋਨੇ ਉੱਪਰ ਆੜ੍ਹਤੀਆਂ ਦਾ ਕਮਿਸ਼ਨ ਘੱਟੋ ਘੱਟ ਲਾਗਤ ਮੁੱਲ (ਐਮ.ਐਸ.ਪੀ.) ਦਾ ਢਾਈ ਫੀਸਦੀ ਨਿਰਧਾਰਤ ਸੀ ਜਿਸ ਤੋਂ ਬਾਅਦ ਕੇਂਦਰ ਸਰਕਾਰ ਵੱਲੋਂ ਇਸ ਨੂੰ ਬਦਲ ਕੇ 46 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ। ਉਦੋਂ ਤੋਂ ਇਹੋ ਦਰ ਚੱਲ ਰਹੀ ਹੈ ਜਦੋਂਕਿ ਮਹਿੰਗਾਈ ਹੋਰ ਵਧ ਗਈ ਪਰ ਕਮਿਸ਼ਨ ਜਿਉਂ ਦਾ ਤਿਉਂ ਰਿਹਾ ਜਿਸ ਕਾਰਨ ਪਿਛਲੇ ਸਮੇਂ ਵਿੱਚ ਆੜ੍ਹਤੀਆਂ ਵੱਲੋਂ ਹੜਤਾਲ ਕੀਤੀ ਗਈ ਜਿਸ ਦਾ ਸਿੱਧਾ ਅਸਰ ਪੰਜਾਬ ਵਿੱਚ ਫਸਲ ਦੀ ਖ਼ਰੀਦ ਉਪਰ ਪਿਆ। ਮੀਤ ਹੇਅਰ ਨੇ ਆੜ੍ਹਤੀਆਂ ਦੀ ਮੰਗ ਨੂੰ ਜਾਇਜ਼ ਦੱਸਦਿਆਂ ਉਨ੍ਹਾਂ ਦਾ ਕਮਿਸ਼ਨ ਮੁੜ ਤੋਂ ਐਮ.ਐਸ.ਪੀ. ਦਾ ਢਾਈ ਫੀਸਦੀ ਨਿਰਧਾਰਤ ਕਰਨ ਦੀ ਮੰਗ ਰੱਖੀ। ਉਨ੍ਹਾਂ ਫਸਲ ਦੀ ਖ਼ਰੀਦ ਨੂੰ ਸੁਚਾਰੂ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਇਸ ਮਸਲੇ ਨੂੰ ਤੁਰੰਤ ਹੱਲ ਕਰਨ ਦੀ ਮੰਗ ਰੱਖੀ। ਇਸ ਦੇ ਨਾਲ ਹੀ ਮੈਂਬਰ ਪਾਰਲੀਮੈਂਟ ਮੀਤ ਹੇਅਰ ਨੇ ਰਾਈਸ ਮਿੱਲਰਾਂ ਦਾ ਮੁੱਦਾ ਵੀ ਉਠਾਉਂਦਿਆਂ ਪੰਜਾਬ ਲਈ ਸਪੈਸ਼ਲਾਂ ਦੀ ਗਿਣਤੀ ਵਧਾਉਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪਹਿਲਾਂ ਮਾਰਚ ਅਪਰੈਲ ਤੱਕ ਪੰਜਾਬ ਵਿੱਚੋਂ ਝੋਨੇ ਦੀ ਲਿਫਟਿੰਗ ਹੋ ਜਾਂਦੀ ਸੀ ਪਰ ਹੁਣ ਛੇ ਮਹੀਨੇ ਬੀਤ ਜਾਣ ਤੱਕ ਵੀ ਨਹੀਂ ਹੋ ਰਹੀ। ਇਸ ਨਾਲ ਜਿੱਥੇ ਭੰਡਾਰਨ ਦੀ ਸਮੱਸਿਆ ਹੋ ਰਹੀ ਹੈ ਉੱਥੇ ਦਾਣਾ ਟੁੱਟਣ ਨਾਲ ਕਰੋੜਾਂ ਦੀ ਫਸਲ ਦਾ ਵੀ ਨੁਕਸਾਨ ਹੁੰਦਾ ਹੈ। ਇਸ ਦਾ ਸਿੱਧਾ ਖ਼ਿਮਆਜ਼ਾ ਸ਼ੈਲਰ ਮਾਲਕਾਂ ਨੂੰ ਭੁਗਤਣਾ ਪੈਂਦਾ ਹੈ ਅਤੇ ਇਸੇ ਕਾਰਨ ਸੈਂਕੜੇ ਸ਼ੈਲਰ ਬੰਦ ਹੋ ਰਹੇ ਹਨ।

# ਟੀਕਾਕਰਣ ਦੇ ਮਾਮੂਲੀ ਸਾਈਡ ਇਫੈਕਟਸ (ਏ.ਈ.ਐੱਫ.ਆਈ,) ਤੋਂ ਘਬਰਾਉਣ ਦੀ ਲੋੜ ਨਹੀਂ: ਡਾ ਕਿਰਨਦੀਪ ਕੌਰ



**ਚੌਕ ਮਹਿਤਾ, 3 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਅੰਮ੍ਰਿਤਸਰ ਵਲੋਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਜਿਲਾ੍ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਦੀ ਅਗਵਾਹੀ ਹੇਠਾਂ ਵਲੋਂ ਰਟੀਨ ਇਮੂਨਾਈਜੇਸ਼ਨ ਦੇ ਏ.ਈ.ਐਫ.ਆਈ. ਕਮੇਟੀ ਦੀ ਵਿਸ਼ੇਸ਼ ਮੀਟਿੰਗ ਦਫਤਰ ਸਿਵਲ ਸਰਜਨ ਅੰਮ੍ਰਿਤਸਰ ਵਿਖੇ ਕੀਤੀ ਗਈ। ਇਸ ਮੌਕੇ ਡਾ ਭਾਰਤੀ ਧਵਨ ਨੇ ਦੱਸਿਆ ਕਿ ਭਾਰਤ ਵਿਚ ਹਰ ਸਾਲ ਲਗਭਗ 2.7 ਕਰੋੜ ਬੱਚਿਆਂ ਨੂੰ ਅਤੇ 3 ਕਰੋੜ ਗਰਭਵਤੀ ਮਾਵਾਂ ਨੂੰ ਵੈਕਸੀਨੇਸ਼ਨ ਰਾਹੀ ਬਹੁਤ ਸਾਰੀਆਂ ਮਾਰੂ ਬੀਮਾਰੀਆਂ ਤੋਂ ਸੁਰੱਖਿਅਤ ਕੀਤਾ ਜਾਂਦਾ ਹੈ। ਇਹਨਾਂ ਟੀਕਾਕਰਣ ਦੇ ਕੁਝ ਮਾਮੂਲੀ ਸਾਈਡ ਇਫੈਕਟ ਵੀ ਹੋ ਸਕਦੇ ਹਨ ਜਿਵੇਂ ਬੁਖਾਰ, ਖਾਰਿਸ਼, ਸੋਜ, ਗਿਲਟੀ ਦਾ ਬਨਣਾਂ ਅਤੇ ਬਾਡੀ ਰੈਸ਼ ਆਦਿ । ਪਰ ਇਹਨਾਂ ਮਾਮੂਲੀ ਸਾਈਡ ਇਫੈਕਟਸ ਤੋਂ ਬਿਲਕੁਲ ਘਬਰਾਓਣ ਦੀ ਲੋੜ ਨਹੀ ਹੈ। ਇਹ ਸਾਈਡ ਇਫੈਕਟ ਕੁਝ ਦਿਨ ਬਾਦ ਆਪਣੇ ਆਪ ਜਾਂ ਸਾਧਾਰਣ ਦਵਾਈ ਨਾਲ ਠੀਕ ਹੋ ਜਾਂਦੇ ਹਨ। ਉਹਨਾਂ ਆਖਿਆ ਕਿ ਰੁਟੀਨ ਇਮੂਨਾਈਜੇਸ਼ਨ ਨਾਲ 12 ਕਿਸਮ ਦੀਆਂ ਮਾਰੂ ਬੀਮਾਰੀਆਂ ਤੋਂ ਅਸੀ ਆਪਣੇ ਬੱਚਿਆਂ ਨੂੰ ਸੁਰੱਖਿਅਤ ਰੱਖ ਸਕਦੇ ਹਾਂ। ਉਨਾਂ ਨੇ ਆਮ ਲੋਕਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆ ਨੂੰ ਇਹ ਟੀਕੇ ਜ਼ੂਰ ਲਗਵਾਉਣ । ਇਸ ਮੌਕੇ ਡਬਯੂ.ਐਚ.ਓ. ਵਲੋਂ ਡਾ ਇਸ਼ਿਤਾ, ਜਿਲਾ੍ ਬੀ.ਸੀ.ਜੀ.ਅਫਸਰ ਡਾ ਮਨਮੀਤ ਕੌਰ, ਜਿਲਾ੍ ਮਾਸ ਮੀਡੀਆ ਅਫਸਰ ਅਮਰਦੀਪ ਸਿੰਘ, ਡਾ ਅਸ਼ਵਨੀ ਕੁਮਾਰ, ਡਾ ਜਸਕਰਨ ਜੋਤ ਕੌਰ, ਡਾ ਸੁਨੀਤ ਗੁਰਮ ਗੁਪਤਾ ਕੌਰ, ਡਾ ਅਰਵਿੰਦਰ ਸਿੰਘ, ਡਾ ਰਾਘਵ ਗੁਪਤਾ, ਡਾ ਵਿਨੀਤ ਅਤੇ ਸਮੂਹ ਸਟਾਫ ਹਾਜਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਮਿਤ ਸ਼ਾਹ ਦੇ ਬਿਆਨ ਕਾਰਨ

# ਸਿੱਖਾਂ ਵਿਚ ਭਾਰੀ ਰੋਹ : ਏਕਨੂਰ ਖਾਲਸਾ ਫੌਜ



**ਫ਼ਿਰੋਜ਼ਪੁਰ, 3 ਅਪ੍ਰੈਲ (ਮਨੋਹਰ ਲਾਲ)** :— ਸਭ ਤੋਂ ਵੱਧ ਕੁਰਬਾਨੀਆਂ ਦੇ ਕੇ ਭਾਰਤ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲਿਆਂ ਨੂੰ ਜਲੀਲ ਭਰਨ ਵਿਚ ਕੋਈ ਕਸਰ ਨਹੀਂ ਛੱਡੀ ਜਾ ਰਹੀ, ਪਿਛਲੇ ਦਿਨੀਂ ਭਾਰਤ ਦੇ ਗ੍ਰਹਿ ਮੰਤਰੀ ਵੱਲੋਂ ਸਿੱਖ ਧਰਮ ਅਤੇ ਸ਼ਬਦ ਗੁਰੂ ਬਾਰੇ ਗਲਤ ਟਿਪਣੀ ਕਰਨੀ ਦਰਸਾਉਂਦਾ ਹੈ ਕਿ ਦੇਸ਼ ਆਜ਼ਾਦ ਕਰਵਾਉਣ ਵਾਲਿਆਂ ਲਈ ਇਨ੍ਹਾਂ ਲੋਕਾਂ ਦੇ ਦਿਲਾਂ ਵਿਚ ਕੋਈ ਇਜਤ ਨਹੀਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਜਥੇਦਾਰ ਹਿੰਮਤ ਸਿੰਘ ਨੇ ਕਿਹਾ ਕਿ ਐਨੇ ਵੱਡੇ ਅਹੁਦੇ ਤੇ ਬੈਠ ਕੇ ਬੇਹੂਦਾ ਬਿਆਨ ਦੇਣੇ ਸੋਭਾ ਨਹੀਂ ਦਿੰਦਾ। ਅੱਗੇ ਗੱਲ ਕਰਦਿਆਂ ਭਾਈ ਹਿੰਮਤ ਸਿੰਘ ਨੇ ਕਿਹਾ ਕਿ ਜਦੋਂ ਚੀਨ ਜਾਂ ਪਾਕਿਸਤਾਨ ਥੋੜ੍ਹੀ ਜਿਹੀ ਅੱਖ ਦਿਖਾਉਂਦਾ ਉਦੋ ਸਿੱਖ ਕੌਮ ਦਾ ਫਿਰ ਚੇਤਾ ਆਉਂਦਾ ਹੈ ਕਿ ਸਾਡੇ ਕੋਲ ਚੂੜੀਆਂ ਦੇ ਨਾਲ—ਨਾਲ ਕੜਾ ਵੀ ਹੈ। ਇਸ ਕਰਕੇ ਵੱਡੇ ਅਹੁਦੇ ਤੇ ਬੈਠ ਕੇ ਘੱਟ ਗਿਣਤੀਆਂ ਖਿਲਾਫ ਗਲਤ ਬਿਆਨਬਾਜੀ ਕਰਨੀ ਸ਼ੋਭਾ ਨਹੀਂ ਦਿੰਦੀ। ਇਸ ਨਾਲ ਭਾਰਤ ਵਿਚ ਵਸਦੀਆਂ ਘੱਟ ਗਿਣਤੀਆਂ ਦੇ ਮਨਾਂ ਨੂੰ ਠੇਸ ਪਹੁੰਚਾਈ ਹੈ ਅਤੇ ਦੇਸ਼ ਦੀ ਏਕਤਾ ਅਖੰਡਤਾ ਨੂੰ ਖਤਰਾ ਹੋ ਸਕਦਾ ਹੈ। ਅੱਗੇ ਗੱਲ ਕਰਦਿਆਂ ਨੰਬਰਦਾਰ ਲਖਬੀਰ ਸਿੰਘ ਪ੍ਰਧਾਨ ਨੇ ਕਿਹਾ ਕਿ ਜੇ ਰੱਬ ਨੇ ਉੱਚਾ ਅਹੁਦਾ ਦਿੱਤਾ ਹੈ ਤਾਂ ਇਸ ਅਹੁਦੇ ਦਾ ਮਤਲਬ ਇਹ ਨਹੀਂ ਕਿ ਘੱਟ ਗਿਣਤੀਆਂ ਖਿਲਾਫ ਜੋ ਮਰਜੀ ਬੋਲੀ ਜਾਓ, ਯਾਦ ਰੱਖਣਾ ਚਾਹੀਦਾ ਹੈ ਰੱਬ ਜਦੋਂ ਮਾਰਦਾ ਹੈ ਤਾਂ ਮੱਤ ਦੇ ਨਾਲ ਲੱਤ ਵੀ ਮਾਰਦਾ ਹੈ, ਇਸ ਕਰਕੇ ਅਮਿਤ ਸ਼ਾਹ ਨੂੰ ਸੋਚ ਸਮਝ ਕੇ ਹੀ ਬਿਆਨ ਦੇਣੇ ਚਾਹੀਦੇ ਹਨ। ਜੇ ਅਮਿਤ ਸ਼ਾਹ ਨੂੰ ਸਿੱਖ ਨਹੀਂ ਚੰਗੇ ਲੱਗਦੇ ਪੰਜਾਬ ਨਹੀਂ ਚੰਗਾ ਲੱਗਦਾ ਤਾਂ ਵੱਖ ਕਰ ਦੇਵੇ। ਭਾਈ ਰਣਧੀਰ ਸਿੰਘ ਮੀਤ ਪ੍ਰਧਾਨ, ਗੁਰਦੇਵ ਸਿੰਘ ਮੀਤ ਪ੍ਰਧਾਨ, ਨਿਰਮਲ ਸਿੰਘ ਗੱਟਾ ਬਾਦਸ਼ਾਹ ਸਰਕਲ ਮਖੂ, ਅਵਤਾਰ ਸਿੰਘ ਲੋਹਗੜ੍ਹ, ਸੁਖਵਿੰਦਰ ਸਿੰਘ ਸਲਾਹਕਾਰ, ਬਲਜਿੰਦਰ ਸਿੰਘ ਜਨਰਲ ਸਕੱਤਰ, ਪ੍ਰੀਤਮ ਸਿੰਘ ਘੱਲ ਖੁਰਦ, ਜਗਜੀਤ ਸਿੰਘ ਮੱਲਵਾਲ, ਦਰਸ਼ਨ ਸਿੰਘ ਲਹੁਕੇ ਸਰਕਲ ਜ਼ੀਰਾ, ਸਵਰਨ ਸਿੰਘ ਸ਼ਹਿਰੀ ਪ੍ਰਧਾਨ, ਗੁਰਚਰਨ ਸਿੰਘ ਗੱਟੀ ਸਰਕਲ ਜਲਾਲਾਬਾਦ, ਭਾਈ ਲਾਲ ਸਿੰਘ ਲੱਖੋਕੇ ਬਹਿਰਾਮ, ਸੁਖਮੰਦਰ ਸਿੰਘ ਜੰਡਵਾਲਾ ਸਰਕਲ ਮੁੱਦਕੀ ਆਦਿ ਹਾਜ਼ਰ ਸਨ।

### ਜੈਕਾਰਿਆਂ ਦੀ ਗੂੰਜ ਵਿੱਚ

# ਭਾਈ ਗੁਰਚਰਨ ਸਿੰਘ ਵੱਲੋਂ ਕੀਤੀ ਕਥਾ ਦਾ ਪੋਸਟਰ ਰਿਲੀਜ਼

**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਂਕ ਮਹਿਤਾ, 3 ਅਪ੍ਰੈਲ**-ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਵੱਲੋਂ ਵਿਸ਼ੇਸ਼ ਗੁਰਮਿਤ ਸਮਾਗਮ ਦਾ ਆਯੋਜਨ ਭਾਈ ਗੁਰਇਕਬਾਲ ਸਿੰਘ ਅਤੇ ਭਾਈ ਅਮਨਦੀਪ ਸਿੰਘ ਜੀ ਦੀ ਦੇਖ ਰੇਖ ਵਿੱਚ ਦਾਤਾ ਬੰਦੀ ਛੋੜ ਪਬਲਿਕ ਸਕੂਲ ,ਅੱਡਾ ਬਾਉਲੀ ,ਰਾਮਤੀਰਥ ਰੋਡ ,ਅੰਮ੍ਰਿਤਸਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਸਿੱਖ ਪੰਥ ਦੇ ਮਹਾਨ ਕੀਰਤਨੀ ਜੱਥਿਆਂ ਨੇ ਹਾਜ਼ਰੀ ਭਰੀ ।ਉਪਰੰਤ ਭਾਈ ਅਮਨਦੀਪ ਸਿੰਘ ਜੀ ਨੇ ਕਥਾ-ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ।ਇਸ ਮੌਕੇ ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਦੇ ਸੇਵਾਦਾਰ ਭਾਈ ਅਮਨਦੀਪ ਸਿੰਘ ਜੀ ਵੱਲੋਂ ਉਹਨਾਂ ਦੇ ਸਾਥੀ ਭਾਈ ਗੁਰਚਰਨ ਸਿੰਘ ਵੱਲੋਂ ਕੀਤੀ ਕਥਾ ਦਾ ਪੋਸਟਰ ਰਿਲੀਜ਼ ਕੀਤਾ ਗਿਆ ।ਇਸ ਮੌਕੇ ਉਨਾਂ ਨਾਲ ਭਾਈ ਅਮਤੇਸ਼ਵਰ ਸਿੰਘ , ਮਾਤਾ ਵਿਪਾਨਪ੍ਰੀਤ ਕੌਰ ਲੁਧਿਆਣੇ ਵਾਲੇ, ਬਾਬਾ ਤੇਜਿੰਦਰ ਸਿੰਘ ਜਿੰਦੂ ਨਾਨਕਸਰ ਵਾਲੇ ਅਤੇ ਭਾਈ ਵਰਿੰਦਰ ਸਿੰਘ ਕੰਗ ਵੀ ਮੌਜੂਦ ਸਨ ।ਕਥਾ ਰਾਹੀਂ ਭਾਈ ਗੁਰਚਰਨ ਸਿੰਘ ਜੀ ਨੇ ਸੰਤਾਂ, ਮਹਾਂਪੁਰਖਾਂ ਦੀ ਉਪਮਾ ਦਰਸਾਉਣੀ ਕੀਤੀ ਹੈ। ਭਾਈ ਗੁਰਚਰਨ ਸਿੰਘ ਜੀ ਨੇ ਕਥਾ ਵਿੱਚ ਦਰਸਾਉਣਾ ਕੀਤਾ ਸਾਨੂੰ ਅੰਮ੍ਰਿਤ ਵੇਲੇ ਅਤੇ ਨਿੱਤਨੇਮ ਦੇ ਧਾਰਣੀ ਹੋਣਾ ਚਾਹੀਦਾ ਹੈ। ਉਹਨਾਂ ਕਿਹਾ ਸੰਗਤਾ ਵੱਧ ਤੋਂ ਵੱਧ ਯੂਟਿਊਬ ਚੈਨਲ ਰਾਹੀਂ ਪ੍ਰਸੰਗ ਨੂੰ ਸਰਵਣ ਕਰਣ ।ਹਜ਼ਾਰਾਂ ਦੀ ਗਿਣਤੀ ਵਿੱਚ ਆਈਆਂ ਸੰਗਤਾਂ ਨੇ ਬੋਲੇ ਸੋ ਨਿਹਾਲ ਦੇ ਜੈਕਾਰੇ ਲਗਾ ਕੇ ਭਾਈ ਗੁਰਚਰਨ ਸਿੰਘ ਨੂੰ ਅਸੀਸ ਦਿੱਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਭਾਈ ਗੁਰਚਰਨ ਸਿੰਘ ਨੇ ਭਾਈ ਅਮਨਦੀਪ ਸਿੰਘ ਜੀ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਉਹਨਾਂ ਕਿਹਾ ਅੱਜ ਦਾ ਦਿਨ ਖਾਸ ਬਣਾਉਣ ਵਿਚ ਭਾਈ ਸਾਹਿਬ ਦਾ ਵਿਸ਼ੇਸ਼ ਸਹਿਜੋਗ ਹੈ ।ਇਸ ਮੌਕੇ ਭਾਈ ਰੋਬਿਨ ਸਿੰਘ,ਭਾਈ ਅਵਤਾਰ ਸਿੰਘ, ਭਾਈ ਜਸਬੀਰ ਸਿੰਘ, ਭਾਈ ਸ਼ਮਸ਼ੇਰ ਸਿੰਘ ਆਦਿ ਮੌਜੂਦ ਸਨ।




### ਸਰਕਾਰ ਫੀਲਡ ਵਿਚ ਕੰਮ ਕਰਦੇ ਸਰਗਰਮ ਪੱਤਰਕਾਰਾਂ ਨੂੰ ਵੀ ਆਯੂਸ਼ਮਾਨ ਯੋਜਨਾ ਅਧੀਨ ਲਿਆਵੇ-ਪ੍ਰਧਾਨ ਨਾਗੀ

# ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਦੀ ਮੀਟਿੰਗ 'ਚ ਪੱਤਰਕਾਰਾਂ ਦੀਆਂ ਸਮੱਸਿਆਵਾਂ 'ਤੇ ਹੋਈਆਂ ਵਿਚਾਰਾਂ



**ਜੰਡਿਆਲਾ ਗੁਰ, 3 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**- ਬੀਤੇ ਦਿਨ ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ (ਰਜਿ:) ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਅਹਿਮ ਮੀਟਿੰਗ ਪ੍ਰਧਾਨ ਗੁਰਦੀਪ ਸਿੰਘ ਨਾਗੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਕਲੱਬ ਦੀਆਂ ਗਤੀਵਿਧੀਆਂ ਤੇ ਲੋਕਤੰਤਰ ਦਾ ਚੌਥਾ ਥੰਮ ਮੰਨੇ ਜਾਂਦੇ ਪੱਤਰਕਾਰਾਂ ਨੂੰ ਫੀਲਡ ਵਿਚ ਕੰਮ ਕਰਨ ਸਮੇਂ ਆਉਂਦੀਆਂ ਮੁਸ਼ਿਕਲਾਂ ਤੇ ਉਨਾਂ ਦੇ ਹੱਲ ਲਈ ਵਿਚਾਰਾਂ-ਵਟਾਂਦਰਾ ਕੀਤਾ ਗਿਆ। ਕਲੱਬ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਆਖਿਆ ਕਿ ਪੰਜਾਬ ਸਰਕਾਰ ਵਲੋਂ ਪੱਤਰਕਾਰਾਂ ਲਈ 5 ਲੱਖ ਤੱਕ ਦਾ ਇਲਾਜ਼ ਸਰਕਾਰੀ ਤੇ ਗੈਰ ਸਰਕਾਰੀ ਹਸਪਤਾਲਾਂ ਵਿਚ ਮੁਫਤ ਇਲਾਜ਼ ਯੋਜਨਾ ਚੱਲ ਰਹੀ ਹੈ, ਜਿਸ ਤਹਿਤ ਪੱਤਰਕਾਰਾਂ ਦੇ ਆਯੂਸ਼ਮਾਨ ਯੋਜਨਾ ਕਾਰਡ ਬਣੇ ਹਨ ਪਰ ਸਰਕਾਰ ਵਲੋਂ ਕੇਵਲ ਐਕਰੀਡੇਸ਼ਨ ਤੇ ਪੀਲਾ ਕਾਰਡ ਹੋਲਡਰ ਪੱਤਰਕਾਰਾਂ ਦਾ ਅਯੂਸ਼ਮਾਨ ਯੋਜਨਾ ਕਾਰਡ ਬਣਾਇਆ ਜਾ ਰਿਹਾ ਹੈ ਪਰ ਜਿਥੇ ਅਯੂਸ਼ਮਾਨ ਯੋਜਨਾ ਕਾਰਡ ਪੰਜਾਬ ਦੇ ਬਹੁਤਾਤ ਨਿੱਜੀ ਹਸਪਤਾਲਾਂ ਵਿਚ ਨਹੀਂ ਚੱਲਦਾ ਉਥੇ ਪੱਤਰਕਾਰਾਂ ਦੇ ਪਰਿਵਾਰਕ ਮੈਂਬਰਾਂ ਦੇ ਨਾਮ ਵੀ ਇਸ ਕਾਰਡ ਵਿਚ ਸ਼ਾਮਲ (ਐਡ) ਨਹੀਂ ਹੋ ਰਹੇ। ਪ੍ਰਧਾਨ ਨਾਗੀ ਨੇ ਸਰਕਾਰ ਤੋਂ ਮੰਗ ਕੀਤੀ ਐਕਰੀਡੇਸ਼ਨ ਤੇ ਪੀਲਾ ਕਾਰਡ ਹੋਲਡਰ ਪੱਤਰਕਾਰ ਦੇ ਨਾਲ-ਨਾਲ ਫੀਲਡ ਵਿਚ ਕੰਮ ਕਰਦੇ ਸਰਗਰਮ ਪੱਤਰਕਾਰਾਂ ਨੂੰ ਵੀ ਇਸ ਯੋਜਨਾ ਦਾ ਲਾਭ ਦਿੱਤਾ ਜਾਣਾ ਚਾਹੀਦਾ ਹੈ ਅਤੇ ਦੂਸਰਾ ਜਿੰਨਾਂ ਪੱਤਰਕਾਰਾਂ ਦੇ ਕਾਰਡ ਬਣੇ ਹਨ, ਉਨਾਂ ਦੇ ਪਰਿਵਾਰਕ ਮੈਂਬਰਾਂ ਦੇ ਨਾਮ ਵੀ ਸ਼ਾਮਲ ਕਰਨ ਸੰਬਧੀ ਨਜ਼ਰਸਾਨੀ ਕਰਨੀ ਚਾਹੀਦੀ ਹੈ ਤਾਂ ਪੱਤਰਕਾਰਾਂ ਦੇ ਨਾਲ-ਨਾਲ ਉਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਮੁਫਤ ਇਲਾਜ਼ ਦੀ ਸਹੂਲਤ ਮਿਲ ਸਕੇ। ਇਸ ਮੌਕੇ ਜਨਰਲ ਸਕੱਤਰ ਜਸਵੰਤ ਸਿੰਘ ਮਾਂਗਟ ਨੇ ਨਵੇਂ ਸ਼ਾਮਲ ਹੋਏ ਪੱਤਰਕਾਰ ਸਾਜਨ ਧਵਨ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵਲੋਂ ਨਸ਼ਿਆਂ ਵਿਰੁੱਧ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸ਼ਾਲਾਘਾ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਅਜਿਹੀ ਮੁਹਿੰਮ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਵੀ ਆਰੰਭ ਕੀਤੀ ਜਾਣੀ ਚਾਹੀਦੀ ਹੈ। ਇਸ ਮੌਕੇ ਸਰਪ੍ਰਸਤ ਅੰਮ੍ਰਿਤਪਾਲ ਸਿੰਘ, ਜਸਵੰਤ ਸਿੰਘ ਮਾਂਗਟ, ਹਰੀਸ਼ ਕੱਕੜ, ਗੁਰਪਾਲ ਸਿੰਘ ਰਾਏ, ਕੁਲਦੀਪ ਸਿੰਘ ਭੁੱਲਰ, ਸਵਿੰਦਰ ਸਿੰਘ ਸ਼ਿੰਦਾ ਲਹੋਰੀਆ, ਪਰਵਿੰਦਰ ਸਿੰਘ ਮਲਕ, ਪ੍ਰਗਟ ਸਿੰਘ, ਸਤਿੰਦਰ ਸਿੰਘ ਅਠਵਾਲ, ਕੁਲਦੀਪ ਸਿੰਘ ਖਹਿਰਾ, ਸਤਪਾਲ ਵਿਨਾਇਕ, ਸੁਖਦੇਵ ਸਿੰਘ ਬੱਬੂ, ਸਾਜਨ ਧਵਨ ਆਦਿ ਹਾਜਰ ਸਨ।

# ਸਿਹਤ ਵਿਭਾਗ ਵਲੋਂ ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਐਡਵਾਈਜਰੀ ਜਾਰੀ



**ਚੌਂਕ ਮਹਿਤਾ, 3 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਸਿਹਤ ਸੰਭਾਲ ਜਰੂਰੀ ਹੈ। ਇਹ ਸ਼ਬਦ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਨੇ ਵੱਧ ਰਹੀ ਗਰਮੀ ਦੇ ਸੰਬੰਧ ਵਿੱਚ ਲੋਕਾਂ ਨੂੰ ਜਾਗਰੂਕ ਕਰਦਿਆਂ ਕਹੇ। ਉਨ੍ਹਾਂ ਦੱਸਿਆ ਕਿ ਗਰਮੀ ਦੀ ਤੇਜ ਲਹਿਰ ਦੇ ਚੱਲਦਿਆਂ ਲੋਕਾਂ ਨੂੰ ਸਾਵਧਾਨ ਰਹਿਣ ਦੀ ਜਰੂਰਤ ਹੈ। ਗਰਮੀ ਅਤੇ ਲੂ ਤੋਂ ਪ੍ਰਭਾਵਿਤ ਹੋਣ ਨਾਲ ਡੀ ਹਾਈਡ੍ਰੇਸ਼ਨ, ਹੀਟ ਸਟ੍ਰੋਕ, ਬੁਖਾਰ, ਸਿਰਦਰਦ, ਉਲਟੀ, ਡਾਈਰੀਆ ਅਤੇ ਹੋਰ ਬਹੁਤ ਸਾਰੀਆਂ ਸਮੱਸਿਆਵਾਂ ਹੋ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਖਾਸ ਕਰਕੇ ਬਜੁਰਗਾਂ, ਬੱਚਿਆਂ ਅਤੇ ਪਹਿਲਾਂ ਤੋਂ ਹੀ ਕਿਸੀ ਬੀਮਾਰੀ ਨਾਲ ਪੀੜਤ ਲੋਕਾਂ ਨੂੰ ਇਸ ਮੌਸਮ ਵਿੱਚ ਵਿਸ਼ੇਸ਼ ਧਿਆਨ ਰੱਖਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਮੌਸਮ ਵਿੱਚ ਥਕਾਵਟ, ਬੁਖਾਰ, ਉਲਟੀਆਂ, ਦਿਲ ਦੀ ਧੜਕਣ ਤੇਜ ਹੋਣ ਆਦਿ ਦੇ ਲੱਛਣ ਪ੍ਰਗਟ ਹੋ ਸਕਦੇ ਹਨ। ਅਜਿਹੇ ਹਾਲਾਤਾਂ ਵਿਚ ਲੋਕ ਸੈਲਫ ਮੈਡੀਕੇਸ਼ਨ ਤੋਂ ਬਚਣ ਅਤੇ ਕਿਸੇ ਵੀ ਤਰ੍ਹਾਂ ਦੇ ਲੱਛਣ ਪ੍ਰਗਟ ਹੋਣ ਤੇ ਨੇੜੇ ਦੇ ਸਰਕਾਰੀ ਸਿਹਤ ਕੇਂਦਰਾਂ ਦੇ ਮਾਹਰ ਡਾਕਟਰਾਂ ਨਾਲ ਸੰਪਰਕ ਕਰਨ। ਉਹਨਾਂ ਲੋਕਾਂ ਨੂ ਅਪੀਲ ਕੀਤੀ ਕਿ ਲੂ ਅਤੇ ਗਰਮੀ ਤੋਂ ਬਚਣ ਲਈ ਤਰਲ ਪਦਾਰਥ ਜਿਵੇਂ ਨੀਂਬੂ ਪਾਣੀ, ਲੱਸੀ, ਨਾਰੀਅਲ ਪਾਣੀ ਅਤੇ ਓ.ਆਰ.ਐਸ ਦਾ ਘੋਲ ਆਦਿ ਦਾ ਵੱਧ ਤੋਂ ਵੱਧ ਇਸਤੇਮਾਲ ਕੀਤਾ ਜਾਵੇ, ਬਾਹਰ ਜਾਣ ਤੋਂ ਪਹਿਲਾਂ ਸ਼ਰੀਰ ਨੂੰ ਪੂਰੀ ਤਰ੍ਹਾਂ ਢੱਕਿਆ ਜਾਵੇ, ਸੂਤੀ ਅਤੇ ਹਲਕੇ ਰੰਗਾਂ ਦੇ ਕਪੜੇ ਪਹਿਨੇ ਜਾਣ, ਸੰਤੁਲਤ ਤੇ ਘਰ ਦਾ ਬਣਿਆ ਭੋਜਨ ਖਾਧਾ ਜਾਵੇ, ਧੁੱਪ ਵਿੱਚ ਬਾਹਰ ਜਾਣ ਤੋਂ ਗੁਰੇਜ ਕੀਤਾ ਜਾਵੇ, ਆਸ ਪਾਸ ਦੀ ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ। ਇਸ ਅਵਸਰ ਤੇ ਜਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ, ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜਰ ਸਨ।

## ਆਏ ਦਿਨ ਹੋ ਰਹੀਆਂ ਪੰਜਾਬ ਵਿਚ ਲੁੱਟਾਂ-ਖੋਹਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ, ਸਾਨੂੰ ਤਕੜੇ ਹੋ ਕੇ ਇਸ ਵਿਰੁੱਧ ਲਾਮਬੰਦ ਹੋਣਾ ਚਾਹੀਦਾ ਹੈ-ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ



ਫ਼ਿਰੋਜ਼ਪੁਰ, 3 ਅਪ੍ਰੈਲ (ਮਨੋਹਰ ਲਾਲ) :— ਆਏ ਦਿਨ ਹੋ ਰਹੀਆਂ ਪੰਜਾਬ ਵਿਚ ਲੁੱਟਾਂ—ਖੋਹਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ, ਸਾਨੂੰ ਤਕੜੇ ਹੋ ਕੇ ਇਸ ਵਿਰੁੱਧ ਲਾਮਬੰਦ ਹੋਣਾ ਚਾਹੀਦਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅੱਜ ਹਰ ਆਦਮੀ ਘਰੋਂ ਨਿਕਲਦਾ ਹੈ, ਸੇਫ ਨਹੀਂ ਖਾਸ ਕਰਕੇ ਮੋਟਰ ਸਾਈਕਲ, ਸਕੂਟਰ ਵਾਲੇ ਤਾਂ ਬਿਲਕੁਲ ਹੀ ਸੇਫ ਨਹੀਂ ਹਨ। ਉਨ੍ਹਾਂ ਕਿਹਾ ਕਿਅ ਾਏ ਦਿਨ ਲੁੱਟਾਂ—ਖੋਹਾਂ ਪੰਜਾਬ ਵਿਚ ਹੋ ਰਹੀਆਂ ਹਨ, ਪਰ ਪਤਾ ਨਹੀਂ ਇਸ ਵੱਲ ਸਰਕਾਰ ਕਿਉਂ ਨਹੀਂ ਧਿਆਨ ਦੇ ਰਹੀ, ਹਰ ਰੋਜ਼ ਟੀ.ਵੀ ਚੈਨਲਾਂ, ਅਖਬਾਰਾਂ ਵਿਚ ਨਸ਼ਿਆਂ ਖਿਲਾਫ ਮੁਹਿੰਮ ਤਾਂ ਸ਼ੁਰੂ ਕੀਤੀ ਹੈ, ਇਹ ਚੰਗੀ ਗੱਲ ਹੈ ਅਤੇ ਇਹ ਬਹੁਤ ਵਧੀਆ ਉਪਰਾਲਾ ਹੈ, ਇਸੇ ਤਰ੍ਹਾਂ ਲੁੱਟਾਂ—ਖੋਹਾਂ ਕਰਨ ਵਾਲਿਆਂ ਖਿਲਾਫ ਸਰਕਾਰ ਤਕੜੇ ਹੋ ਕੇ ਸੰਘਰਸ਼ ਛੇੜੇ ਅਤੇ ਜਿਹੜਾ ਇਹ ਵਾਰਦਾਤ ਕਰਦਿਆਂ ਫੜਿਆ ਜਾਵੇ ਤਾਂ ਉਸ ਖਿਲਾਫ ਸਖਤ ਤੋਂ ਸਖਤ ਕਾਨੂੰਨ ਬਣਾ ਕੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਭਾਈ ਸਾਹਿਬ ਨੇ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਨ੍ਹਾਂ ਦੇ ਰਾਜ ਵਿਚ ਕਦੇ ਕੋਈ ਚੋਰੀ ਨਹੀਂ ਸੀ ਹੋਈ, ਉਨ੍ਹਾਂ ਲਾਹੌਰ ਵਿਚ ਕਿਹਾ ਕਿ ਤੁਸੀਂ ਆਪਣੀਆਂ ਦੁਕਾਨਾਂ ਅਤੇ ਘਰ ਖੁੱਲੇ ਛੱਡੋ ਜੇਕਰ ਕਿਸੇ ਦੀ ਚੋਰੀ ਹੋਵੇਗੀ ਤਾਂ ਮੈਂ ਭਰਾਗਾ ਅਤੇ ਜੇਕਰ ਕਿਸੇ ਪਿੰਡ ਚੋਰੀ ਹੋ ਜਾਂਦੀ ਸੀ ਤਾਂ ਸਾਰੇ ਪਿੰਡ ਤੇ ਸਖਤ ਤੋਂ ਸਖਤ ਕਾਰਵਾਈ ਕਰਕੇ ਚੋਰ ਫੜ ਲਿਆ ਜਾਂਦਾ ਸੀ। ਅਸੀਂ ਭਗਵੰਤ ਸਿੰਘ ਮਾਨ ਸਰਕਾਰ ਨੂੰ ਕਹਿਣਾ ਚਾਹੁੰਦੇ ਹਾਂ ਕਿ ਇਨ੍ਹਾਂ ਲੁੱਟਾਂ—ਖੋਹਾਂ, ਚੋਰੀਆਂ ਕਰਨ ਵਾਲੇ ਗਲਤ ਅਨਸਰਾਂ ਖਿਲਾਫ ਤੁਰੰਤ ਧਿਆਨ ਦੇਣ ਅਤੇ ਇਨ੍ਹਾਂ ਖਿਲਾਫ ਜੰਗੀ ਪੱਧਰ ਤੇ ਮੁਹਿੰਮ ਸ਼ੁਰੂ ਕਰੋ ਤਾਂ ਜੋ ਇਨ੍ਹਾਂ ਲੁੱਟਾਂ—ਖੋਹਾਂ ਅਤੇ ਚੋਰੀਆਂ ਕਰਨ ਵਾਲਿਆਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕਰਕੇ ਇਨ੍ਹਾਂ ਨੂੰ ਨੱਥ ਪਾਈ ਜਾਵੇ।

## ਕੇਂਦਰੀ ਗ੍ਰਹਿ ਮੰਤਰੀ ਦਾ ਬਿਆਨ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਵੱਡਾ ਖਤਰਾ—ਫੈਡਰੇਸ਼ਨ ਮਹਿਤਾ



ਫ਼ਿਰੋਜ਼ਪੁਰ, 3 ਅਪ੍ਰੈਲ (ਮਨੋਹਰ ਲਾਲ) :— ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਆਏ ਦਿਨ ਘੱਟ ਗਿਣਤੀ ਕੌਮਾਂ ਤੇ ਨਿਸ਼ਾਨਾ ਸਾਧ ਕੇ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾ ਕੇ ਉਨ੍ਹਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਉਣਾ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਇਕ ਵੱਡਾ ਖਤਰਾ ਬਣ ਸਕਦਾ ਹੈ। ਇਸ ਸਬੰਧੀ ਅੱਜ ਵਿਸ਼ੇਸ਼ ਤੌਰ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ, ਕੌਮੀ ਮੀਤ ਪ੍ਰਧਾਨ ਸੁਖਦੇਵ ਸਿੰਘ ਲਾਡਾ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਡਾ: ਗੁਰਮੀਤ ਸਿੰਘ ਸਿੱਧੂ ਅਤੇ ਜ਼ਿਲ੍ਹਾ ਪ੍ਰਧਾਨ ਦਿਹਾਤੀ ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ ਤੇ ਸਾਥੀਆਂ ਨੇ ਕਿਹਾ ਕਿ ਅਮਿਤਸ਼ਾਹ ਜ਼ੋ ਨਫਰਤ ਦਾ ਬੀਜ ਬੀਜ ਰਹੇ ਹਨ, ਇਸ ਨਾਲ ਘੱਟ ਗਿਣਤੀ ਕੌਮਾਂ ਖਾਸ ਕਰ ਸਿੱਖਾਂ ਦੇ ਮਨਾਂ ਵਿਚ ਭਾਰੀ ਰੋਸ ਹੈ। ਉਨ੍ਹਾਂ ਕਿਹਾ ਕਿ ਗ੍ਰਹਿ ਮੰਤਰੀ ਨੂੰ ਇਹ ਗੱਲ ਵੀ ਯਾਦ ਰੱਖਣੀ ਚਾਹੀਦੀ ਹੈ ਕਿ ਅੱਜ ਜੇ ਉਹ ਆਜ਼ਾਦ ਭਾਰਤ ਦੇ ਮੁੱਖ ਅਹੁਦੇ ਤੇ ਬੈਠੇ ਹਨ ਤਾਂ ਉਹ ਸਿੱਖਾਂ ਦੀਆਂ ਦੇਸ਼ ਨੂੰ ਆਜ਼ਾਦ ਕਰਵਾਉਣ ਬਦਲੇ 90ਫੀਸਦੀ ਤੋਂ ਵੱਧ ਦਿੱਤੀਆਂ ਕੁਰਬਾਨੀਆਂ ਸਦਕਾ ਹੀ ਹਨ। ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਅੱਗੇ ਕਿਹਾ ਕਿ ਅਮਿਤ ਸ਼ਾਹ ਨੂੰ ਚਾਹੀਦਾ ਹੈ ਕਿ ਉਹ ਸਿੱਖ ਕੌਮ ਨੂੰ ਇਸ ਅਹਿਸਾਨ ਅਤੇ ਕੁਰਬਾਨੀਆਂ ਬਦਲੇ ਦੂਜੀਆਂ ਕੌਮਾਂ ਨੂੰ ਵੱਧ ਸਤਿਕਾਰ ਦੇਣ। ਉਨ੍ਹਾਂ ਇਹ ਵੀ ਕਿਹਾ ਕਿ ਕੁਝ ਭਾਜਪਾ ਦੇ ਦੂਜੇ ਆਗੂ ਜਿਨ੍ਹਾਂ ਸਿੱਖ ਕੌਮ ਨੂੰ ਨੇੜੇ ਕਰਨ ਦੀ ਕੋਸ਼ਿਸ਼ ਕਰਦੇ ਹਨ, ਹਿ ਮੰਤਰੀ ਆਪਣੇ ਗਲਤ ਬਿਆਨਾਂ ਨਾਲ ਉਨ੍ਹਾਂ ਹੀ ਉਨ੍ਹਾਂ ਨੂੰ ਦੂਰ ਕਰ ਦਿੰਦੇ ਹਨ, ਇਸ ਤੋਂ ਸਾਫ ਜ਼ਾਹਿਰ ਹੁੰਦਾ ਹੈ ਕਿ ਅਮਿਤ ਸ਼ਾਹ ਸਿੱਖਾਂ ਨੂੰ ਆਪਣੇ ਨਾਲ ਰੱਖਣ ਲਈ ਰਜਾਮੰਦ ਨਹੀਂ ਹਨ। ਇਸ ਸਮੇਂ ਗੁਰਦਰਸ਼ਨ ਸਿੰਘ ਬੱਬੀ, ਅਵਤਾਰ ਸਿੰਘ ਜ਼ੋਸਨ, ਗਗਨਦੀਪ ਸਿੰਘ ਚਾਵਲਾ, ਕੁਲਦੀਪ ਸਿੰਘ ਲੋਕੋ, ਹਰਜਿੰਦਰ ਸਿੰਘ ਬੱਗਾ, ਕੁਲਦੀਪ ਸਿੰਘ ਨੰਢਾ, ਜ਼ਸਬੀਰ ਸਿੰਘ ਜੱਸ, ਸੁਰਜੀਤ ਸਿੰਘ, ਕਿਰਨਦੀਪ ਸਿੰਘ ਪੱਲਾ, ਗੁਰਵਰਪ੍ਰੀਤ ਸਿੰਘ ਢਿੱਲੋਂ, ਲਕਸ਼ਪ੍ਰੀਤ ਸਿੰਘ, ਗੁਰਮੇਲ ਸਿੰਘ ਭੇਡੀਆ ਸਮੇਤ ਹੋਰ ਵੀ ਕਈ ਆਗੂ ਹਾਜ਼ਰ ਸਨ।

### ਭਗਵੰਤ ਮਾਨ ਨੇ ਵਰਲਡ ਸਕਿੱਲ ਕੈਂਪਸ ਆਫ ਐਕਸੀਲੈਂਸ ਐਂਡ ਰਿਨੋਵੇਟਿਡ ਦਾ ਕੀਤਾ ਉਦਘਾਟਨ

# ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਦੀ ਦੇਖ-ਰੇਖ ਹੇਠ ਕੈਂਪਸ ਹਰ ਸਾਲ 3 ਹਜਾਰ ਨੌਜਵਾਨਾਂ ਨੂੰ ਹੁਨਰ ਸਿਖਲਾਈ ਅਤੇ ਨੌਕਰੀਆਂ ਕਰੇਗਾ ਪ੍ਰਦਾਨ



ਨਵੀਂ ਦਿੱਲੀ, 3 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਲੁਧਿਆਣਾ ਦੇ ਦਿਲ ਵਿੱਚ 20 ਏਕੜ ਵਿੱਚ ਫੈਲਿਆ ਵਰਲਡ ਸਕਿੱਲ ਕੈਂਪਸ ਆਫ ਐਕਸੀਲੈਂਸ ਅਤੇ ਨਵੇਂ ਮੁਰੰਮਤ ਕੀਤੇ ਗਏ ਇੰਡਸਟਰੀਅਲ ਟ੍ਰੇਨਿੰਗ ਇੰਸਟੀਚਿਊਟ (ਆਈਟੀਆਈ) ਅਤੇ ਮਲਟੀ ਸਕਿੱਲ ਡਿਵੈਲਪਮੈਂਟ ਸੈਂਟਰ ਦਾ ਉਦਘਾਟਨ ਵੀਰਵਾਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੀਤਾ। 20 ਏਕੜ ਦੇ ਇਸ ਕੈਂਪਸ ਵਿੱਚ ਸਾਲਾਨਾ 3,000 ਤੋਂ ਵੱਧ ਵਿਦਿਆਰਥੀਆਂ ਨੂੰ ਹੁਨਰ ਸਿਖਲਾਈ ਪ੍ਰਦਾਨ ਕਰਨ ਅਤੇ ਨੌਕਰੀਆਂ ਦੀ ਸਹੂਲਤ ਦੇਣ ਦੀ ਸਮਰੱਥਾ ਹੈ। ਡਾ. ਵਿਕਰਮਜੀਤ ਸਿੰਘ ਸਾਹਨੀ, ਪਦਮ ਸ਼੍ਰੀ, ਸੰਸਦ ਮੈਂਬਰ, ਰਾਜ ਸਭਾ ਨੇ ਆਈਟੀਆਈ ਲੁਧਿਆਣਾ ਨੂੰ ਅਪਣਾਇਆ ਅਤੇ ਸਲਾਹ ਦਿੱਤੀ ਹੈ ਅਤੇ ਆਪਣੇ ਐਮਪੀਐਲਏਡੀ ਫੰਡ ਵਿੱਚੋਂ 2 ਕਰੋੜ ਰੁਪਏ ਅਤੇ ਆਈਟੀਆਈ – ਲੁਧਿਆਣਾ ਨੂੰ ਅਪਗ੍ਰੇਡ ਅਤੇ ਆਧੁਨਿਕ ਬਣਾਉਣ ਲਈ ਆਪਣੇ ਵੱਲੋਂ 70 ਲੱਖ ਰੁਪਏ ਦਾ ਯੋਗਦਾਨ ਪਾਇਆ ਹੈ। ਇਨ੍ਹਾਂ ਅਪਗ੍ਰੇਡਾਂ ਵਿੱਚ ਰੋਬੋਟਿਕ ਵੈਲਡਰ, 3ਡੀ ਪ੍ਰਿੰਟਿੰਗ ਮਸ਼ੀਨਾਂ, ਸੀਐਨਸੀ ਮਸ਼ੀਨਾਂ ਆਦਿ ਵਰਗੀਆਂ ਅਤਿ-ਆਧੁਨਿਕ ਤਕਨਾਲੋਜੀਆਂ, ਆਡੀਓ-ਵੀਡੀਓ ਸੈੱਟਅੱਪ ਵਾਲੇ ਡਿਜੀਟਲ ਕਲਾਸਰੂਮ ਅਤੇ ਉੱਨਤ ਸਿਖਲਾਈ ਲੈਬਾਂ ਸ਼ਾਮਲ ਹਨ। ਇਸ ਮੌਕੇ ਬੋਲਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਡਾ. ਸਾਹਨੀ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅੱਜ ਪੰਜਾਬ ਨੇ ਸਿੱਖਿਆ ਦੇ ਖੇਤਰ ਵਿੱਚ ਇੱਕ ਨਵਾਂ ਮੀਲ ਪੱਥਰ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਇੱਕ ਵੱਡੀ ਮੁਹਿੰਮ ਸ਼ੁਰੂ ਕੀਤੀ ਹੈ ਅਤੇ ਇਹ ਯਕੀਨੀ ਬਣਾਇਆ ਹੈ ਕਿ ਪੰਜਾਬੀ ਨੌਜਵਾਨਾਂ ਨੂੰ ਪੰਜਾਬ ਵਿੱਚ ਮਿਆਰੀ ਸਿੱਖਿਆ ਅਤੇ ਰੁਜ਼ਗਾਰ ਮਿਲੇ। ਉਨ੍ਹਾਂ ਕਿਹਾ ਕਿ ਪੰਜਾਬੀਆਂ ਕੋਲ ਹੁਨਰ ਹਨ ਅਤੇ ਉਹ ਵੱਖ-ਵੱਖ ਖੇਤਰਾਂ ਵਿੱਚ ਉੱਤਮਤਾ ਪ੍ਰਾਪਤ ਕਰਕੇ ਇੱਕ ਮਿਸਾਲ ਕਾਇਮ ਕਰ ਸਕਦੇ ਹਨ। ਡਾ. ਸਾਹਨੀ ਨੇ ਮਿਲਟੀ ਸਕਿੱਲ ਡਿਵੈਲਪਮੈਂਟ ਸਕਿੱਲ ਸੈਂਟਰ ਆਫ਼ ਐਕਸੀਲੈਂਸ ਸਥਾਪਤ ਕਰਨ ਲਈ ਆਪਣੀ ਜੇਬ ਵਿੱਚੋਂ 2.5 ਕਰੋੜ ਰੁਪਏ ਪੂੰਜੀ ਖਰਚ 'ਤੇ ਵੀ ਖਰਚ ਕੀਤੇ। ਇਹ ਸਹੂਲਤ ਨੌਜਵਾਨਾਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ, ਏਵੀਏਸ਼ਨ, ਪ੍ਰਾਹੁਣਚਾਰੀ ਅਤੇ ਸੈਰ-ਸਪਾਟਾ, ਖੇਤੀਬਾੜੀ ਹੁਨਰ ਵਿਕਾਸ, ਫੈਸ਼ਨ ਡਿਜ਼ਾਈਨਿੰਗ, ਸੁੰਦਰਤਾ ਅਤੇ ਤੰਦਰੁਸਤੀ, ਨਰਸਿੰਗ, ਸੀਐਨਸੀ ਪ੍ਰੋਗਰਾਮਿੰਗ, ਇਲੈਕਟ੍ਰੀਸ਼ੀਅਨ, ਵੈਲਡਿੰਗ ਅਤੇ ਰਾਸ਼ਟਰੀ ਹੁਨਰ ਵਿਕਾਸ ਨਿਗਮ (ਐਨਐਸਡੀਸੀ) ਦੁਆਰਾ ਮਾਨਤਾ ਪ੍ਰਾਪਤ ਹੋਰ ਕੋਰਸਾਂ ਵਿੱਚ ਮੁਫਤ ਹੁਨਰ ਕੋਰਸ ਪ੍ਰਦਾਨ ਕਰੇਗੀ। ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਕਿਹਾ ਕਿ ਉਦਯੋਗਾਂ ਵਿੱਚ ਖੜੋਤ ਆ ਰਹੀ ਸੀ, ਸੂਬੇ ਵਿੱਚੋਂ ਬ੍ਰੇਨ ਡਰੇਨ ਹੋ ਰਹੀ ਸੀ, ਪਰ ਸਰਕਾਰ ਵੱਲੋਂ ਨੌਜਵਾਨਾਂ ਨੂੰ ਹੁਨਰ ਪ੍ਰਦਾਨ ਕਰਨ ਲਈ ਸ਼ੁਰੂ ਕੀਤੀ ਗਈ ਮੁਹਿੰਮ ਦੇ ਚੰਗੇ ਨਤੀਜੇ ਨਿਕਲਣਗੇ। ਉਨ੍ਹਾਂ ਕਿਹਾ ਕਿ ਉਦਯੋਗਪਤੀਆਂ ਨੇ ਵੀ ਇਸ ਵਿੱਚ ਮੁੱਖ ਭੂਮਿਕਾ ਨਿਭਾਈ ਹੈ ਅਤੇ ਭਰੋਸਾ ਦਿੱਤਾ ਹੈ ਕਿ ਹਰ ਸਾਲ 5000 ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਜਾਣਗੀਆਂ।

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਇਸ ਮੌਕੇ ਬੋਲਦਿਆਂ ਲੁਧਿਆਣਾ ਨੂੰ ਸਭ ਤੋਂ ਵਧੀਆ ਆਈ.ਟੀ.ਆਈ. ਮਿਲੀ ਹੈ ਅਤੇ ਡਾ. ਸਾਹਨੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪਹਿਲਾਂ ਆਈ.ਟੀ.ਆਈ. ਵਿੱਚ ਸਿਰਫ਼ 50-60 ਪ੍ਰਤੀਸ਼ਤ ਸੀਟਾਂ ਭਰੀਆਂ ਜਾ ਰਹੀਆਂ ਸਨ ਪਰ ਸਰਕਾਰ ਨੇ ਹੁਣ ਹਰ ਸਾਲ ਸੀਟਾਂ ਦੀ ਗਿਣਤੀ ਵਧਾਉਣ ਦੇ ਬਾਵਜੂਦ 97 ਪ੍ਰਤੀਸ਼ਤ ਦਾਖਲਾ ਦਰ ਯਕੀਨੀ ਬਣਾਈ ਹੈ।

### ਭਾਰਤ ਓਲੰਪੀਆਡ ਫਾਊਂਡੇਸ਼ਨ ਨੇ ਸੇਂਟ ਸੋਲਜਰ ਸਕੂਲ ਨੂੰ

# ਟੋਪ ਸਕੂਲ ਐਵਾਰਡ 2024-25 ਦੇ ਅਵਾਰਡ ਨਾਲ ਸਨਮਾਨਿਤ ਕੀਤਾ

**ਜੰਡਿਆਲਾ ਗੁਰੂ, 3 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਭਾਰਤ ਓਲੰਪੀਆਡ ਫਾਊਂਡੇਸ਼ਨ ਵੱਲੋਂ ਸਮਾਜਿਕ ਵਿਗਿਆਨ ,ਈਵੀਐਸ ਓਲੰਪੀਆਰਡ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਬੱਚਿਆਂ ਨੇ ਸ਼ਾਨਦਾਰ ਪੁਜੀਸ਼ਨਾਂ ਹਾਸਲ ਕੀਤੀਆਂ ਇਹਨਾਂ ਵਿੱਚ ਦਸਵੀਂ ਕਲਾਸ ਦੇ ਮਨਵੀਰ ਸਿੰਘ ਅਤੇ ਨਵਨੀਤ ਕੌਰ ਸਟੇਟ ਟੋਪਰ ਰਹੇ ਅਤੇ ਨਾਲ ਹੀ ਸਕੂਲ ਦੇ 10 ਬੱਚਿਆਂ ਨੇ ਚਾਂਦੀ ਦੇ ਮੈਡਲ ਵੀ ਹਾਸਲ ਕੀਤੇ ।ਜਿਨਾਂ ਦੇ ਵਿੱਚ ਇਨਾਇਤ ਪ੍ਰੀਤ ਕੌਰ, ਜਸ਼ਨਪ੍ਰੀਤ ਕੌਰ, ਜਸਮੀਨ ਕੌਰ, ਕਿਰਨਪ੍ਰੀਤ ਕੌਰ

### ਪ੍ਰਿੰਸੀਪਲ ਅਮਰਪ੍ਰੀਤ ਕੌਰ ਨੂੰ ਸੱਭਿਆਚਾਰ ਨੂੰ ਉਤਸਾਹਿਤ ਕਰਨ ਲਈ ਸ਼ਾਨਦਾਰ ਬੈਸਟ ਪ੍ਰਿੰਸੀਪਲ ਦੇ ਅਵਾਰਡ ਨਾਲ ਕੀਤਾ ਸਨਮਾਨਿਤ

,ਲਵਪ੍ਰੀਤ ਕੌਰ, ਮਹਿਕਪ੍ਰੀਤ ਕੌਰ, ਨਵਨੀਤ ਕੌਰ, ਸਾਖੋ, ਸਹਿਜ ਪ੍ਰੀਤ ਕੌਰ, ਅਤੇ ਸੁਖਮਨ ਪ੍ਰੀਤ ਕੌਰ ਹਨ ।ਇਸ ਦੇ ਨਾਲ ਹੀ ਭਾਰਤ ਓਲੰਪੀਆਡ ਫਾਊਂਡੇਸ਼ਨ ਨੇ ਸਕੂਲ ਨੂੰ ਟੋਪ ਸਕੂਲ ਐਵਾਰਡ 2024-25 ਦੇ ਅਵਾਰਡ ਨਾਲ ਸਨਮਾਨਿਤ ਕੀਤਾ ।ਸਕੂਲ ਦੇ ਸਤਿਕਾਰ ਯੋਗ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੂੰ ਇੱਕ ਬੇਮਿਸਾਲ ਲੀਡਰਸ਼ਿਪ ਅਤੇ ਬੱਚਿਆਂ ਨੂੰ ਅਕਾਦਮਿਕ ਉੱਤਮਤਾ ਦੇ ਸੱਭਿਆਚਾਰ ਨੂੰ ਉਤਸਾਹਿਤ ਕਰਨ ਲਈ ਸ਼ਾਨਦਾਰ ਬੈਸਟ ਪ੍ਰਿੰਸੀਪਲ ਦੇ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਅਤੇ ਨਾਲ ਹੀ ਸਕੂਲ ਦੇ ਕੋਆਰਡੀਨੇਟਰ ਸ੍ਰੀਮਤੀ ਸ਼ਿਲਪਾ ਸ਼ਰਮਾ ਜੀ ਨੂੰ ਇਹਨਾਂ ਮੁਕਾਬਲਿਆਂ ਨੂੰ ਸੁਚਾਰੂ ਢੰਗ ਨਾਲ ਕਰਾਉਣ ਅਤੇ ਵੱਧ ਤੋਂ ਵੱਧ ਬੱਚਿਆਂ ਨੂੰ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਉਤਸਾਹਿਤ ਕਰਨ ਤੇ ਬੈਸਟ ਕੋਆਰਡੀਨੇਟਰ ਦੇ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਵਿਦਿਆਰਥੀਆਂ ਨੂੰ ਓਲੰਪੀਆਡ ਵਿੱਚ ਹਿੱਸਾ ਲੈਣ ਅਤੇ ਜੇਤੂਆਂ ਨੂੰ ਇਨਾਮ ਹਾਸਿਲ ਕਰਨ ਤੇ ਉਹਨਾਂ ਦੀ ਬਹੁਤ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅਜਿਹੇ ਮੁਕਾਬਲੇ ਭਵਿੱਖ ਵਿੱਚ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਵਿਦਿਆਰਥੀਆਂ ਦੇ ਹੁਨਰ ਨੂੰ ਨਿਖਾਰਦੇ ਹਨ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੂੰ ਵੀ ਉਹਨਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਅਤੇ ਸ਼ਾਬਾਸ਼ੀ ਦਿੱਤੀ ਅਤੇ ਉਹਨਾਂ ਦੇ ਸਖਤ ਮਿਹਨਤ ਅਤੇ ਸਮਰਪਣ ਦੀ ਸ਼ਲਾਘਾ ਕੀਤੀ।। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਜੀ ,ਕੋਆਰਡੀਨੇਟਰ ਸ਼ਿਲਪਾ ਸ਼ਰਮਾ ਜੀ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ,ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।






### ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਅਤੇ ਅਕਾਲੀ ਦਲ ਅੰਮ੍ਰਿਤਸਰ ਮਨਾਏਗਾ ਸ਼ਹੀਦ ਭਾਈ ਪਰਮਜੀਤ ਸਿੰਘ ਪੰਮਾ ਉਰਫ਼ ਬਾਬਾ ਨੰਦ ਦਾ 34ਵਾਂ ਸ਼ਹੀਦੀ ਦਿਹਾੜਾ : ਭਾਈ ਰਣਜੀਤ ਸਿੰਘ/ਬੀਬੀ ਕੁਲਵਿੰਦਰ ਕੌਰ



**ਅੰਮ੍ਰਿਤਸਰ, 3 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਵੀਹਵੀਂ ਸਦੀ ਦੇ ਮਹਾਨ ਸਿੱਖ, ਜਰਨੈਲਾਂ ਦੇ ਜਰਨੈਲ ਅਤੇ ਦਮਦਮੀ ਟਕਸਾਲ ਦੇ ਚੌਦ੍ਹਵੇਂ ਮੁਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਅਰੰਭੇ ਹਥਿਆਰਬੰਦ ਸੰਘਰਸ਼ 'ਚ ਜੂਝ ਕੇ ਸ਼ਹਾਦਤ ਦਾ ਜਾਮ ਪੀਣ ਵਾਲੇ ਖ਼ਾਲਿਸਤਾਨ ਲਿਬਰੇਸ਼ਨ ਆਰਗੇਨਾਈਜੇਸ਼ਨ ਦੇ ਮੁਖੀ ਅਤੇ ਖ਼ਾਲਿਸਤਾਨ ਆਰਮਡ ਫ਼ੋਰਸ ਦੇ ਲੈਫ਼ਟੀਨੈਂਟ ਜਨਰਲ ਅਮਰ ਸ਼ਹੀਦ ਭਾਈ ਪਰਮਜੀਤ ਸਿੰਘ ਪੰਮਾ ਤੁਗਲਵਾਲਾ ਉਰਫ਼ ਬਾਬਾ ਨੰਦ ਅਤੇ ਸਾਥੀਆਂ ਸ਼ਹੀਦ ਭਾਈ ਤਰਸੇਮ ਸਿੰਘ ਕੋਹਾੜ, ਸ਼ਹੀਦ ਬਾਬਾ ਰਣਜੀਤ ਸਿੰਘ ਦਿਆਲਗੜ੍ਹ, ਸ਼ਹੀਦ ਭਾਈ ਕੰਵਲਜੀਤ ਸਿੰਘ ਵਾਹਿਗੁਰੂ, ਸ਼ਹੀਦ ਭਾਈ ਜੁਗਰਾਜ ਸਿੰਘ ਤੂਫ਼ਾਨ, ਸ਼ਹੀਦ ਭਾਈ ਕੁਲਦੀਪ ਸਿੰਘ ਫੌਜੀ ਭਾਮ, ਸ਼ਹੀਦ ਭਾਈ ਸੀਤਲ ਸਿੰਘ ਮੱਤੇਵਾਲ, ਸ਼ਹੀਦ ਭਾਈ ਕਸ਼ਮੀਰ ਸਿੰਘ ਸ਼ੀਰਾ ਪੱਟੀ, ਸ਼ਹੀਦ ਭਾਈ ਗੁਰਨਾਮ ਸਿੰਘ ਪਹਿਲਵਾਨ ਦਾਬਾਂਵਾਲੀ ਅਤੇ ਸਮੂਹ ਸ਼ਹੀਦ ਸਿੰਘਾਂ-ਸਿੰਘਣੀਆਂ ਦੀ ਯਾਦ 'ਚ ਮਹਾਨ ਸ਼ਹੀਦੀ ਸਮਾਗਮ 9 ਅਪ੍ਰੈਲ 2025 ਨੂੰ ਗੁ. ਸੁੱਚੇਆਣਾ ਸਾਹਿਬ, ਪਿੰਡ ਤੁਗਲਵਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਅਤੇ ਸ਼ਹੀਦ ਭਾਈ ਪਰਮਜੀਤ ਸਿੰਘ ਤੁਗਲਵਾਲਾ ਦੀ ਜੁਝਾਰੂ ਸਿੰਘਣੀ ਬੀਬੀ ਕੁਲਵਿੰਦਰ ਕੌਰ ਖ਼ਾਲਸਾ ਨੇ ਸਮੂਹ ਸੰਪਰਦਾਵਾਂ, ਪੰਥਕ ਜਥੇਬੰਦੀਆਂ ਦੇ ਆਗੂ ਸਾਹਿਬਾਨਾਂ, ਸ਼ਹੀਦਾਂ ਦੇ ਪਰਿਵਾਰਾਂ ਤੇ ਸੰਗਤਾਂ ਨੂੰ ਪਹੁੰਚਣ ਦੀ ਅਪੀਲ ਕੀਤੀ। ਉਹਨਾਂ ਦੱਸਿਆ ਕਿ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਤੋਂ ਬਾਅਦ ਰਾਗੀ, ਢਾਡੀ ਤੇ ਕਵੀਸ਼ਰ ਹਰ ਜਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ, ਫਿਰ ਪੰਥਕ ਜਥੇਬੰਦੀਆਂ ਦੇ ਆਗੂ ਸਿੱਖ ਸੰਘਰਸ਼ ਬਾਰੇ ਵਿਚਾਰਾਂ ਦੀ ਸਾਂਝ ਕਰਨਗੇ ਤੇ ਸਮਾਗਮ 'ਚ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਵੀ ਕੀਤਾ ਜਾਏਗਾ। ਬੀਬੀ ਕੁਲਵਿੰਦਰ ਕੌਰ ਨੇ ਦੱਸਿਆ ਕਿ ਸ. ਸਿਮਰਨਜੀਤ ਸਿੰਘ ਮਾਨ, ਸ. ਇਮਾਨ ਸਿੰਘ ਮਾਨ, ਸ. ਪਰਮਜੀਤ ਸਿੰਘ ਮੰਡ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸ. ਕਰਨੈਲ ਸਿੰਘ ਪੰਜੋਲੀ, ਸ. ਗੁਰਿੰਦਰ ਸਿੰਘ ਬਾਜਵਾ, ਭਾਈ ਨਰਾਇਣ ਸਿੰਘ ਚੌੜਾ ਆਦਿ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਨਗੇ।

ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ 7 ਅਪ੍ਰੈਲ 1991 ਨੂੰ ਜਦੋਂ ਭਾਈ ਪਰਮਜੀਤ ਸਿੰਘ ਪੰਮਾ ਤੇ ਉਹਨਾਂ ਦੀ ਸਿੰਘਣੀ ਬੀਬੀ ਕੁਲਵਿੰਦਰ ਕੌਰ ਦੋਵੇਂ ਹੀ ਪਠਾਨਕੋਟ ਤੋਂ ਸਵੇਰੇ ਪੰਜ ਵਜੇ ਦੀ ਰੇਲ ਗੱਡੀ 'ਚ ਸਵਾਰ ਹੋ ਕੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਆ ਰਹੇ ਸਨ ਤਾਂ ਜਿਵੇਂ ਹੀ ਇਹ ਟਰੇਨ ਗੁਰਦਾਸਪੁਰ ਦੇ ਰੇਲਵੇ ਸਟੇਸ਼ਨ 'ਤੇ ਪਹੁੰਚੀ ਤਾਂ ਅੱਗੋਂ ਪੰਜਾਬ ਪੁਲੀਸ ਤੇ ਪੈਰਾ ਮਿਲਟਰੀ ਫੋਰਸਾਂ ਨੇ ਪੂਰੀ ਤਰ੍ਹਾਂ ਨਾਲ ਚੁਫੇਰਿਉਂ ਘੇਰਾ ਪਾਇਆ ਹੋਇਆ ਸੀ ਤੇ ਤਲਾਸ਼ੀ ਲੈਣੀ ਸ਼ੁਰੂ ਕਰ ਦਿੱਤੀ, ਭਾਰਤੀ ਫੋਰਸਾਂ ਨੇ ਭਾਈ ਸਾਹਿਬ ਨੂੰ ਦੋ ਵਾਰ ਹਿਲਾਇਆ, ਪਰ ਆਪ ਜੀ ਜਾਗਦੇ ਹੋਣ ਦੇ ਬਾਵਜੂਦ ਵੀ ਸੌਣ ਦਾ ਡਰਾਮਾ ਕਰ ਰਹੇ ਸਨ। ਇੱਕ ਵਾਰ ਤਾਂ ਪੈਰਾ ਮਿਲਟਰੀ ਫੋਰਸਾਂ ਉਸ ਡੱਬੇ 'ਚੋਂ ਹੇਠਾਂ ਵੀ ਉੱਤਰ ਗਈਆਂ ਸਨ, ਪਰ ਮੁਖਬਰ ਦੀ ਸ਼ਾਇਦ ਪੱਕੀ ਸੂਹ ਸੀ। ਫਿਰ ਦੁਬਾਰਾ ਤੋਂ ਸੁਰੱਖਿਆ ਫੋਰਸਾਂ ਨੇ ਭਾਈ ਸਾਹਿਬ ਨੂੰ ਹਿਲਾਇਆ। ਹੁਣ ਇਸ ਵਾਰ ਪਰਮਜੀਤ ਸਿੰਘ ਆਪਣੀ ਪਿਸਟਲ ਉਹਨਾਂ ਵੱਲ ਤਾਣ ਕੇ ਉੱਠੇ ਤੇ ਚੋਰ ਅੱਖ ਨਾਲ ਆਪਣੀ ਸਿੰਘਣੀ ਬੀਬੀ ਕੁਲਵਿੰਦਰ ਕੌਰ ਨੂੰ ਚੁੱਪ ਰਹਿਣ ਦਾ ਇਸ਼ਾਰਾ ਕੀਤਾ। ਬੜੀ ਫੁਰਤੀ ਦੇ ਨਾਲ ਹੇਠਾਂ ਉੱਤਰ ਕੇ ਗੋਲੀਆਂ ਚਲਾਈਆਂ ਤੇ ਦੌੜਨ ਦੀ ਕੋਸ਼ਿਸ਼ ਵੀ ਕੀਤੀ। ਇੱਕ ਗੋਲੀ ਸੁਰੱਖਿਆ ਕਰਮੀ ਨੂੰ ਵੀ ਲੱਗੀ, ਪਰ ਚਾਰੇ ਪਾਸਿਆ ਤੋਂ ਘੇਰਾ ਪਿਆ ਹੋਣ ਕਾਰਨ ਸੁਰੱਖਿਆ ਬਲਾਂ ਨੇ ਭਾਈ ਸਾਹਿਬ ਨੂੰ ਘੇਰ ਕੇ ਗ੍ਰਿਫਤਾਰ ਕਰ ਲਿਆ ਤੇ ਬਟਾਲਾ ਦੇ ਇਟੈਰੋਗੇਸ਼ਨ ਸੈਂਟਰ ਬੀਕੋ 'ਚ ਲੈ ਗਏ। ਅਖੀਰ 10 ਅਪ੍ਰੈਲ 1991 ਦੀਆਂ ਅਖਬਾਰਾਂ ਦੀ ਖ਼ਬਰ ਸੀ ਕੇ. ਐਲ. ਓ. ਦੇ ਮੁਖੀ ਪਰਮਜੀਤ ਸਿੰਘ ਪੰਮਾ ਉਰਫ਼ ਬਾਬਾ ਨੰਦ ਪੁਲੀਸ ਨਾਲ ਹੋਈ ਮੁੱਠਭੇੜ ਵਿੱਚ ਹਲਾਕ। ਉਹਨਾਂ ਦੱਸਿਆ ਕਿ ਤਵਾਰੀਖ਼ ਸ਼ਹੀਦ ਏ ਖ਼ਾਲਿਸਤਾਨ ਕਿਤਾਬ ਵਿੱਚ ਸ਼ਹੀਦ ਭਾਈ ਪਰਮਜੀਤ ਸਿੰਘ ਪੰਮਾ ਅਤੇ ਸਾਥੀਆਂ ਦੀ ਜੀਵਨੀ ਛਾਪੀ ਗਈ ਹੈ।

## ✵ ਫੋਟੋ ਗੈਲਰੀ ✵



ਖਾਲਸਾ ਕਾਲਜ ਨਵ ਨਿਯੁਕਤ ਪ੍ਰਿੰਸੀਪਲ ਸ, ਆਤਮਾ ਸਿੰਘ ਰੰਧਾਵਾ ਭੋਏਵਾਲ ਨੂੰ ਸਨਮਾਨਿਤ ਕਰਦੇ ਸਮਾਜ ਸੇਵੀ ਮਾਸਟਰ ਗੁਰਪ੍ਰੀਤ ਸਿੰਘ ਜਲਾਲ, ਮਾਸਟਰ ਸੁਖਪਾਲ ਸਿੰਘ ਵਿੱਕੀ ਰੰਧਾਵਾ ਚੰਨਣਕੇ ਅਤੇ ਨਾਲ ਉਨ੍ਹਾਂ ਦੇ ਸਾਥੀ। ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰੀ ਗੁਰੂ ਅਰਜਨ ਦੇਵ ਜੀ ਮਾਰਗ ਉਪਰ ਸਥਿਤ ਬਣੇ ਸੁੰਦਰ ਗੇਟ ਦੇ ਥੱਲੇ

# ਸ਼ਰਾਬ ਦਾ ਠੇਕਾ ਤੇ ਅਹਾਤੇ ਨੂੰ ਕੈਬਨਿਟ ਮੰਤਰੀ ਈ ਟੀ ਓ ਨੇ ਹਟਵਾਇਆ



**ਜੰਡਿਆਲਾ ਗੁਰੂ, 3 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਤੋਂ ਤਰਨ ਤਾਰਨ ਨੂੰ ਜਾਂਦੀ ਮੁੱਖ ਸੜਕ, ਜਿਸ ਨੂੰ ਕਿ ਉਹਨਾਂ ਨੇ ਹੀ ਥੋੜਾ ਸਮਾਂ ਪਹਿਲਾਂ ਸ੍ਰੀ ਗੁਰੂ ਅਰਜਨ ਦੇਵ ਮਾਰਗ ਦਾ ਨਾਮ ਦੇ ਕੇ ਬਹੁਤ ਖੂਬਸੂਰਤ ਸੜਕ ਅਤੇ ਵੱਡੇ ਗੇਟਾਂ ਦੀ ਉਸਾਰੀ ਵੀ ਕਰਵਾਈ ਹੈ, ਦੇ ਹੇਠਾਂ ਚੱਲ ਰਹੇ ਸ਼ਰਾਬ ਦੇ ਠੇਕੇ ਅਤੇ ਅਹਾਤੇ ਨੂੰ ਬੰਦ ਕਰਵਾ ਦਿੱਤਾ ਹੈ। ਉਹਨਾਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਵੱਲੋਂ ਵਸਾਏ ਗਏ ਨਗਰ ਤਰਨਤਾਰਨ ਨੂੰ ਜਾਂਦੇ ਇਸ ਮੁੱਖ ਰਸਤੇ ਦੀ ਐਂਟਰੀ ਉੱਪਰ ਬਣੇ ਸ੍ਰੀ ਗੁਰੂ ਅਰਜਨ ਦੇਵ ਵਿਰਾਸਤੀ ਮਾਰਗ ਗੇਟ ਹੇਠਾਂ ਚੱਲ ਰਿਹਾ ਸ਼ਰਾਬ ਦਾ ਠੇਕਾ ਅਤੇ ਅਹਾਤੇ ਦਾ ਸੰਗਤਾਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਸੀ। ਸੰਗਤਾਂ ਦੀਆਂ ਭਾਵਨਾਵਾਂ ਦੀ ਕਦਰ ਕਰਦਿਆਂ ਹੋਇਆਂ ਸ਼ਰਾਬ ਦਾ ਠੇਕਾ ਤੇ ਅਹਾਤਾ ਇਥੋਂ ਚੁੱਕ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਸੰਗਤ ਦੀਆਂ ਭਾਵਨਾਵਾਂ ਨੂੰ ਸਮਝਦਿਆਂ ਹੋਇਆਂ ਇਹ ਫੈਸਲਾ ਲਿਆ ਗਿਆ ਹੈ ਅਤੇ ਹੁਣ ਭਵਿੱਖ ਵਿੱਚ ਇਹ ਠੇਕਾ ਇੱਥੇ ਨਹੀਂ ਚਾਲੂ ਹੋਵੇਗਾ। ਜੰਡਿਆਲਾ ਗੁਰੂ ਦੇ ਇਸ ਵਿਰਾਸਤੀ ਗੇਟ, ਜੋ ਕਿ ਗੁਰੂ ਸਾਹਿਬ ਨੂੰ ਸਮਰਪਿਤ ਹੈ, ਦੇ ਨਜ਼ਦੀਕ ਮੌਜੂਦ ਸ਼ਰਾਬ ਦੇ ਠੇਕੇ ਨੂੰ ਬੰਦ ਕਰਵਾਉਣ ਲਈ ਕੀਤੇ ਗਏ ਫੈਸਲੇ ਦੀ ਆਮ ਆਦਮੀ ਪਾਰਟੀ ਦੇ ਸੀਨੀਅਰ ਮਹਿਲਾ ਆਗੂ ਮੈਡਮ ਸਰਬਜੀਤ ਕੌਰ ਜੰਡਿਆਲਾ ਗੁਰੂ ਵੱਲੋਂ ਸ਼ਲਾਘਾ ਕਰਦਿਆਂ ਹੋਇਆਂ ਕੈਬਨਿਟ ਮੰਤਰੀ ਸ੍ਰ ਈ ਟੀ ਓ ਦਾ ਧੰਨਵਾਦ ਕੀਤਾ ਗਿਆ। ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਸਾਡੇ ਸਤਿਕਾਰਯੋਗ ਮੰਤਰੀ ਈ ਟੀ ਓ ਜੀ ਹਮੇਸ਼ਾ ਹੀ ਜੰਡਿਆਲਾ ਗੁਰੂ ਦੀਆਂ ਸੰਗਤਾਂ ਦੀ ਸੇਵਾ ਵਿੱਚ ਹਰ ਸਮੇਂ ਹਾਜ਼ਰ ਰਹਿੰਦੇ ਹਨ। ਜਦੋਂ ਵੀ ਕਿਤੇ ਵੀ ਧਾਰਮਿਕ ਸਮਾਜਿਕ ਕਾਰਜ ਹੁੰਦੇ ਹਨ ਤਾਂ ਮੰਤਰੀ ਸ੍ਰ ਈ ਟੀ ਓ ਜੀ ਆਪਣੀ ਨਿੱਜੀ ਸੇਵਾ ਤੇ ਜ਼ਿੰਮੇਵਾਰੀ ਸਮਝ ਕੇ ਕਰਦੇ ਹਨ। ਸਾਡੇ ਲਈ ਅਤੇ ਪੂਰੇ ਹਲਕੇ ਲਈ ਬਹੁਤ ਮਾਣ ਦੀ ਗੱਲ ਹੈ ਕਿ ਸਾਡੇ ਜੰਡਿਆਲਾ ਹਲਕੇ ਦੀ ਅਗਵਾਈ ਕਰਨ ਦੇ ਨਾਲ ਨਾਲ ਉਹ ਪੰਜਾਬ ਕੈਬਨਿਟ ਮੰਤਰੀ ਦੀ ਵੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾ ਰਹੇ ਹਨ।

### ਆਮ ਆਦਮੀ ਪਾਰਟੀ ਸੀਨੀਅਰ ਮਹਿਲਾ ਆਗੂ ਮੈਡਮ ਸਰਬਜੀਤ ਕੌਰ ਜੰਡਿਆਲਾ ਗੁਰੂ ਨੇ ਕੀਤਾ ਧੰਨਵਾਦ

### ਸਰਦਾਰ ਅਮਰਜੀਤ ਸਿੰਘ ਐਗਰੀਕਲਚਰ ਸਬ ਇੰਸਪੈਕਟਰ ਨੇ

# ਆਪਣੀ ਰਿਟਾਇਰਮੈਂਟ ਤੇ ਗਹਿਰੀ ਦੇਵੀ ਨਗਰ ਸਕੂਲ ਨੂੰ 7100 ਰੁਪਏ ਦਾਨ ਦਿੱਤਾ



ਬਠਿੰਡਾ, 03 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਗਹਿਰੀ ਦੇਵੀ ਨਗਰ ਜਿਲਾ ਬਠਿੰਡਾ ਦੇ ਪਿੰਡ ਵਾਸੀ ਅਕਸਰ ਹੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗਹਿਰੀ ਦੇਵੀ ਨਗਰ, ਜਿਲਾ ਬਠਿੰਡਾ ਨੂੰ ਅਕਸਰ ਹੀ ਦਾਨ ਦੇ ਕੇ ਮਦਦ ਕਰਦੇ ਰਹਿੰਦੇ ਹਨ। ਪਿਛਲੇ ਦਿਨੀ ਪਿੰਡ ਵਾਸੀ ਸਰਦਾਰ ਅਮਰਜੀਤ ਸਿੰਘ ਐਗਰੀਕਲਚਰ ਸਬ ਇੰਸਪੈਕਟਰ ਨੇ ਲਗਭਗ 38 ਸਾਲ ਦੀ ਬੇਦਾਗ ਸੇਵਾ ਨਿਭਾ ਕੇ 31 ਮਾਰਚ ਨੂੰ ਰਿਟਾਇਰ ਹੋਏ ਹਨ। ਉਹਨਾਂ ਦੇ ਗ੍ਰਹਿ ਵਿਖੇ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ ਬਾਅਦ ਵਿੱਚ ਉਹਨਾਂ ਨੇ ਪਿੰਡ ਦੀਆਂ ਵੱਖ-ਵੱਖ ਸੰਸਥਾਵਾਂ ਨੂੰ ਸੇਵਾਦਾਨ ਦਿੱਤਾ। ਇਸੇ ਤਰ੍ਹਾਂ ਹੀ ਸਰਦਾਰ ਅਮਰਜੀਤ ਸਿੰਘ ਨੇ ਪਿੰਡ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂੰ 7100 ਰੁਪਏ ਦਾਨ ਵਜੋਂ ਦੇ ਕੇ ਆਪਣੀ ਰਿਟਾਇਰਮੈਂਟ ਦੀ ਖੁਸ਼ੀ ਜਾਹਿਰ ਕੀਤੀ। ਇਸ ਸਮੇਂ ਸਰਦਾਰ ਅਮਰਜੀਤ ਸਿੰਘ ਨੇ ਦੱਸਿਆ ਕਿ ਅਗਲੇਰੀਆਂ ਬੋਰਡ ਪ੍ਰੀਖਿਆਵਾਂ ਵਿੱਚ ਜਿਹੜੇ ਵਿਦਿਆਰਥੀ ਪਹਿਲੇ ਦੂਜੇ ਸਥਾਨਾਂ ਤੇ ਆਉਣਗੇ ਉਹਨਾਂ ਨੂੰ ਹਰ ਸਾਲ 1100, 1100 ਰੁਪਏ ਵਿਅਕਤੀਗਤ ਰੂਪ ਵਿੱਚ ਇਨਾਮ ਵਜੋਂ ਦੇਣਗੇ। ਉਹਨਾਂ ਅੱਗੇ ਦੱਸਿਆ ਕਿ ਜੇਕਰ ਸਕੂਲ ਨੂੰ ਕਿਸੇ ਵੀ ਸਮੇਂ ਉਨਾਂ ਦੀ ਮਦਦ ਦੀ ਜਰੂਰਤ ਹੋਈ ਤਾਂ ਉਹ ਹਰ ਸਮੇਂ ਹਾਜ਼ਰ ਰਹਿਣਗੇ ਇਸ ਸਮੇਂ ਸਕੂਲ ਪ੍ਰਿੰਸੀਪਲ ਸੀਮਤੀ ਲਵਲੀਨ ਕੌਰ ਨੇ ਸਰਦਾਰ ਅਮਰਜੀਤ ਸਿੰਘ, ਗਹਿਰੀ ਦੇਵੀ ਨਗਰ ਦਾ ਧੰਨਵਾਦ ਕਰਦੇ ਹੋਏ ਸਮੁੱਚੇ ਪਰਿਵਾਰ ਨੂੰ ਇਹਨਾਂ ਦੀ ਰਿਟਾਇਰਮੈਂਟ ਦੀ ਵਧਾਈ ਦਿੱਤੀ ਅਤੇ ਉਨਾਂ ਦੇ ਸਮੁੱਚੇ ਪਰਿਵਾਰ ਦੀ ਸੁੱਖ ਸ਼ਾਂਤੀ ਦੀ ਕਾਮਨਾ ਕੀਤੀ। ਇਸ ਸਮੇਂ ਸਕੂਲ ਕੈਂਪ ਮੈਨੇਜਰ ਸਰਦਾਰ ਰਘਵੀਰ ਸਿੰਘ ਭੀਖੀ, ਸ੍ਰੀ ਮੋਤੀ ਰਾਮ, ਮੈਡਮ ਹਰਚਰਨਜੀਤ ਕੌਰ, ਮਨਜੀਤ ਕੌਰ, ਰੁਪਿੰਦਰ ਕੌਰ ਲਾਇਬਰੇਰੀਅਨ ਅਤੇ ਮੈਡਮ ਰਾਜਵੀਰ ਕੌਰ ਪੰਜਾਬੀ ਅਧਿਆਪਕਾ ਵੀ ਹਾਜ਼ਰ ਸਨ।

# ਸੈਦਪੁਰ ਮੀਟਿੰਗ ਚ ਆਪ ਵਰਕਰਾਂ ਦੀਆਂ ਮੁਸ਼ਿਕਲਾਂ ਦਾ ਮੌਕੇ ਤੇ ਕੀਤਾ ਨਿਪਟਾਰਾ



**ਚੌਂਕ ਮਹਿਤਾ, 3 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਸਾਬਕਾ ਸਰਪੰਚ ਕਿਰਪਾਲ ਸਿੰਘ ਦੇ ਗ੍ਰਹਿ ਪਿੰਡ ਸੈਦਪੁਰ ਵਿਖੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਹੇਠ ਅੱਜ ਪਿੰਡ ਦੀ ਪੰਚਾਇਤ ਅਤੇ ਹੋਰ ਮੁਹਤਬਰ ਵਿਅਕਤੀਆਂ ਵੱਲੋਂ ਇਕ ਜ਼ਰੂਰੀ ਮੀਟਿੰਗ ਕੀਤੀ ਗਈ। ਇਸ ਦੌਰਾਨ ਵਿਸ਼ੇਸ ਤੌਰ ਤੇ ਪਹੁੰਚੇ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ, ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ ਤੇ ਬਲਾਕ ਪ੍ਰਧਾਨ ਜਰਮਨ ਉਦੋਨੰਗਲ ਨੇ ਮੀਟਿੰਗ ਦੀ ਪ੍ਰਧਾਨਗੀ ਕੀਤੀ ਅਤੇ ਇਥੇ ਇੱਕਠੇ ਹੋਏ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ। ਉਨਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਰਾਬਤਾ ਕਰਕੇ ਇਨਾਂ ਮੁਸ਼ਿਕਲਾਂ ਦਾ ਮੌਕੇ ਤੇ ਹੀ ਨਿਪਟਾਰਾ ਕੀਤਾ। ਇਸ ਮੌਕੇ ਚੇਅਰਮੈਨ ਡਾ ਗੁਰਵਿੰਦਰ ਸਿੰਘ ਰੰਧਾਵਾ, ਬਲਾਕ ਪ੍ਰਧਾਨ ਗੁਰਜਿੰਦਰ ਘੁਹਾਟਵਿੰਡ ਤੇ ਜਰਮਨ ਉਦੋਨੰਗਲ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਅੱਜ ਪੰਜਾਬ ਤਰੱਕੀ ਦੀ ਰਾਹ ਤੇ ਹੈ, 'ਆਪ' ਸਰਕਾਰ ਨੇ ਹਰੇਕ ਤਬਕੇ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁੱਹਈਆ ਕਰਵਾਈਆਂ ਹਨ, ਜਿਸ ਤੋਂ ਪੰਜਾਬ ਦੀ ਜਨਤਾ ਪੂਰੀ ਤਰਾ ਖੁਸ਼ ਹੈ। ਉਨਾਂ ਕਿਹਾ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਵਿੱਚ ਹਲਕਾ ਜੰਡਿਆਲਾ ਗੁਰੂ ਨੂੰ ਸੂਬੇ ਦਾ ਨੰਬਰ ਵਨ ਹਲਕਾ ਬਣਾਇਆ ਜਾਵੇਗਾ। ਇਸ ਹਲਕੇ ਦੇ ਸਾਰੇ ਪਿੰਡ, ਸ਼ਹਿਰਾਂ ਵਰਗੀਆਂ ਸਹੂਲਤਾਂ ਨਾਲ ਲੈਸ ਕੀਤੇ ਜਾਣਗੇ। ਉਕਤ ਆਗੂਆਂ ਨੇ ਆਖਿਆ ਕਿ ਆਮ ਆਦਮੀ ਪਾਰਟੀ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਵਚਨਬੱਧ ਹੈ। ਇਸ ਮੌਕੇ ਸਰਪੰਚ ਸਰਬਜੀਤ ਕੌਰ, ਦਲਬੀਰ ਸਿੰਘ ਪੰਚ, ਗੁਰਨਾਮ ਸਿੰਘ ਪੰਚ, ਮੱਸਾ ਸਿੰਘ ਪੰਚ, ਮਾਇਓ ਕੌਰ ਪੰਚ, ਕੁਲਵਿੰਦਰ ਕੌਰ ਪੰਚ ਤੋਂ ਇਲਾਵਾ ਸਰਪੰਚ ਗੁਰਮੁਖ ਸਿੰਘ ਸਰਜਾ, ਦਯਾ ਸਿੰਘ, ਸੋਹਣ ਸਿੰਘ ਨੰਬਰਦਾਰ, ਜੋਗਾ ਸਿੰਘ, ਲਾਲ ਸਿੰਘ, ਜਸਵੰਤ ਸਿੰਘ, ਅਵਤਾਰ ਸਿੰਘ, ਗੁਰਨਾਮ ਸਿੰਘ, ਸੁਖਦੇਵ ਸਿੰਘ, ਸੁੱਚਾ ਸਿੰਘ ਨੰਬਰਦਾਰ ਤੋਂ ਇਲਾਵਾ ਹੋਰ ਵੀ ਲੋਕ ਹਾਜਰ ਸਨ।

# ਪੰਜਾਬ ਵਿੱਚ ਹੀ ਪੰਜਾਬੀ ਮਾਂ ਬੋਲੀ ਨੂੰ ਮਾਣ ਸਤਿਕਾਰ ਨਾ ਮਿਲਣਾ ਅਤਿ ਨਿੰਦਣਯੋਗ ਹੈ : ਰਣਜੀਤ ਸਿੰਘ ਰੰਧਾਵਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਵੱਖ ਵੱਖ ਸਕੂਲਾਂ ਦੇ ਨਵੇਂ ਦਾਖਲੇ ਸੁਰੂ ਹਨ। ਪਰ ਦੁੱਖ ਦੀ ਗੱਲ ਹੈ ਕਿ ਸੀ.ਬੀ.ਐਸ.ਈ. ਨਾਲ ਸਬੰਧਿਤ ਕਈ ਸਕੂਲਾਂ ਵਿੱਚ ਸਕੂਲ ਪ੍ਰਬੰਧਕਾ ਵੱਲੋ ਪੰਜਾਬੀ ਭਾਸ਼ਾ ਦੀ ਥਾਂ ਦੂਜੀਆਂ ਹਿੰਦੀ ਤੇ ਅੰਗਰੇਜੀ ਭਾਸ਼ਾ ਨੂੰ ਲਾਜਮੀ ਵਿਸ਼ੇ ਦੇ ਤੌਰ ਤੇ ਰੱਖਿਆ ਜਾ ਰਿਹਾ ਹੈ ਅਤੇ ਪੰਜਾਬੀ ਮਾਂ ਬੋਲੀ ਦਾ ਪੰਜਾਬ ਵਿੱਚ ਹੀ ਅਪਮਾਨ ਹੋਣਾ ਅਤਿ ਨਿੰਦਣਯੋਗ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਧੂਰੀ ਇਲਾਕੇ ਦੇ ਉੱਘੇ ਸਮਾਜ ਸੇਵੀ, ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬੀ ਮਾਂ ਬੋਲੀ ਜਾਗਦੀਆਂ ਕੌਮਾਂ ਦੀ ਜਿੰਦ ਜਾਨ ਹੈ ਤੇ ਇਸ ਲਈ ਪੰਜਾਬੀ ਮਾਂ ਬੋਲੀ ਦਾ ਅਦਬ ਸਤਿਕਾਰ ਤੇ ਇਸ ਨੂੰ ਪ੍ਰਫੁੱਲਤ ਕਰਨਾ ਸਾਡਾ ਸਾਰਿਆ ਦਾ ਫਰਜ ਬਣਦਾ ਹੈ । ਪਰ ਪੰਜਾਬ ਦੇ ਸਕੂਲਾਂ ਵਿੱਚ ਹੀ ਪੰਜਾਬੀ ਮਾਂ ਬੋਲੀ ਨੂੰ ਦਰਕਿਨਾਰ ਕਰਨਾ ਪੰਜਾਬੀ ਮਾਂ ਬੋਲੀ ਪ੍ਰਤੀ ਅਣਗਹਿਲੇ ਰਵੱਈਏ ਨੂੰ ਦਰਸਾਉਂਦਾ ਹੈ ।ਉਨਾ ਕਿਹਾ ਕਿ ਪੰਜਾਬੀ ਮਾਂ ਬੋਲੀ ਨੂੰ ਵੱਖ ਵੱਖ ਖੇਤਰਾਂ ਵਿੱਚ ਪਹਿਲ ਵਜੋਂ ਲਾਗੂ ਕਰਵਾਉਣ ਦਾ ਮਸਲਾ ਲੋਕਾ ਦੀਆਂ ਮਾਨਸਿਕਤਾ ਨਾਲ ਜੁੜਿਆ ਹੋਇਆ ਹੈ ਜਿਸ ਸਬੰਧੀ ਹੁਕਮਰਾਨ ਸਰਕਾਰਾ ਨੂੰ ਪੰਜਾਬੀ ਮਾਂ ਬੋਲੀ ਪ੍ਰਤੀ ਸੁਹਿਰਦਤਾ ਵਿਖਾਉਣੀ ਚਾਹੀਦੀ ਹੈ ਤੇ ਪੰਜਾਬੀ ਮਾਂ ਬੋਲੀ ਦੇ ਮਸਲੇ ਹੱਲ ਕਰਨੇ ਚਾਹੀਦੇ ਹਨ ਉਨਾ ਕਿਹਾ ਕਿ ਪੰਜਾਬੀ ਮਾਂ ਬੋਲੀ ਦੇ ਸੂਬੇ ਪੰਜਾਬ ਵਿੱਚ ਹੀ ਪੰਜਾਬੀ ਮਾਂ ਬੋਲੀ ਨਾਂ-ਪੱਖੀ ਹੁੰਗਾਰਾ ਮਿਲ ਰਿਹਾ ਤੇ ਪੰਜਾਬੀ ਭਾਸ਼ਾ ਨੂੰ ਬੋਲਣ, ਪੜਨ ਲਿਖਣ ਤੇ ਸਾਈਨ ਬੋਰਡ ਪੰਜਾਬੀ ਭਾਸ਼ਾ 'ਚ ਲਿਖਣ ਤੋਂ ਇਲਾਵਾ ਵੱਖ ਵੱਖ ਅਦਾਰਿਆ ਵਿੱਚ ਪੰਜਾਬੀ ਮਾਂ ਬੋਲੀ ਪੜਨ ਲਿਖਣ ਦੇ ਮਸਲੇ ਲਟਕੇ ਪਏ ਹਨ ।ਉਨਾ ਕਿਹਾ ਕਿ ਪੰਜਾਬੀ ਮਾਂ ਬੋਲੀ ਨਾਲ ਹੋ ਰਹੇ ਇਸ ਧੱਕੇ ਖਿਲਾਫ ਹਰ ਪੰਜਾਬੀ ਨੂੰ ਅਵਾਜ ਚੁੱਕਣੀ ਚਾਹੀਦੀ।

# ਮੁੱਖ ਮੰਤਰੀ ਭਗਵੰਤ ਮਾਨ ਨੇ ਨਸਿਆਂ ਵਿਰੁੱਧ ਮੁਹਿੰਮ ਚਲਾ ਕੇ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਦਾ ਮੁੱਢ ਬੰਨਿਆ ਹੈ :ਬਖਸ਼ਸ ਸਿੰਘ ਸਿੱਧੂ ਅਲਾਲ



**ਮੂਲੋਂਵਾਲ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੀ ਸਰਕਾਰ ਨੇ ਨਸ਼ਿਆ ਵੇਚਣ ਵਾਲਿਆਂ ਵਿਰੁੱਧ ਸ਼ਿਕੰਜਾ ਆਮ ਪਾਰਟੀ ਆਪਣਾ ਵਲਡੋਜਰ ਚਲਾ ਦਿੱਤਾ ਹੈ ਜਿਸ ਤੋਂ ਲੋਕ ਕਾਫ਼ੀ ਖੁਸ਼ ਦਿਖਾਈ ਦੇ ਰਹੇ ਹਨ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਨੌਜਵਾਨਾਂ ਨੂੰ ਹੱਸਦੇ ਵੱਸਦੇ ਦੇਖਣਾ ਚਾਹੁੰਦੇ ਹਨ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪਿਛਲੇ ਲੰਮੇ ਸਮੇਂ ਤੋਂ ਪਾਰਟੀ ਦੇ ਲਈ ਦਿਨ ਰਾਤ ਮਿਹਨਤ ਕਰਨ ਵਾਲੇ ਅਤੇ ਪਾਰਟੀ ਦੇ ਹਰ ਸਮਾਗਮ ਵਿੱਚ ਹਾਜਰੀ ਭਰਨ ਵਾਲੇ ਸਮਾਜ ਸੇਵੀ ਬਖਸੀਸ ਸਿੰਘ ਸਿੱਧੂ ਅਲਾਲ ਪ੍ਰਮੁੱਖ ਉਮੀਦਵਾਰ ਜ਼ਿਲਾ ਪ੍ਰੀਸ਼ਦ ਜੋਨ ਬਾਲੀਆਂ ਨੇ ਕੀਤਾ।ਜਿਕਰਯੋਗ ਹੈ ਕਿ ਬਖਸੀਸ ਸਿੰਘ ਅਲਾਲ ਪਿਛਲੇ ਲੰਮੇ ਸਮੇਂ ਤੋਂ ਬਾਲੀਆਂ ਜੋਨ ਵਿੱਚ ਦਿਨ ਰਾਤ ਮਿਹਨਤ ਕਰ ਰਹੇ ਹਨ, ਉਨਾਂ ਨੂੰ ਪਾਰਟੀ ਦੇ ਵਰਕਰ ਅਤੇ ਅਹੁਦੇਦਾਰ ਤਾਂ ਜਾਣਦੇ ਹਨ ਉਹਨਾਂ ਤੋਂ ਇਲਾਵਾ ਵੀ ਜਿੰਨੇ ਵੀ ਪਿੰਡਾਂ ਵਿੱਚ ਮਨਰੇਗਾ ਮਜ਼ਦੂਰ ਹਨ ਉਹ ਵੀ ਉਸ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੇ ਹਨ। ਜੇਕਰ ਲੋੜ ਪਵੇ ਤਾਂ 25 ਪਿੰਡਾਂ ਦੇ ਮਨਰੇਗਾ ਮਜ਼ਦੂਰ ਬਖਸ਼ੀਸ਼ ਸਿੰਘ ਅਲਾਲ ਦੇ ਇੱਕ ਹੁਕਮ ਤੇ ਇਕੱਠੇ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੀ ਸੂਬੇ ਵਿੱਚ ਨਸ਼ਿਆ ਵਿਰੁੱਧ ਚੱਲ ਰਹੀ ਜੰਗ ਦੇ ਪ੍ਰਭਾਵਸ਼ਾਲੀ ਨਤੀਜਿਆਂ ਤੇ ਸੰਤੁਸ਼ਟੀ ਪ੍ਰਗਟ ਕੀਤੀ।ਆਪ ਸਰਕਾਰ ਨੇ ਰਾਸ਼ਟਰੀ ਕਨਵੀਨਰ ਅਰਵਿੰਦਰ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਸਮਾਜਿਕ ਬੁਰਾਈ ਨੂੰ ਖਤਮ ਕਰਨ ਲਈ ਅਟੱਲ ਵਚਨਬੱਧਤਾ ਨਾਲ ਨਸ਼ਾ ਵਿਰੋਧੀ ਮੁਹਿੰਮ ਸ਼ੁਰੂ ਕੀਤੀ ਹੈ ਜੋ ਕਿ ਬਹੁਤ ਹੀ ਸ਼ਲਾਘਾਯੋਗ ਫੈਸਲਾ ਹੈ।

# ਐਨ.ਆਰ.ਆਈ ਦੀਆ ਜ਼ਮੀਨਾਂ ਤੇ ਨਜ਼ਾਇਜ ਕਬਜੇ ਕਰਨਾ ਬੇਹੱਦ ਮੰਦਭਾਗਾ ਜਸਵੰਤ ਸਿੰਘ ਹਰਪੁਰਾ



ਗੁਰਦਾਸਪੁਰ ( ਰਣਜੀਤ ਸਿੰਘ ਪੇਧਨੀ ) ਵਿਦੇਸ਼ਾਂ ਵਿੱਚ ਸਰਕਾਰਾਂ ਦੀ ਬੇਰੁਖੀ ਦਾ ਸ਼ਿਕਾਰ ਹੋਏ ਸਾਡੇ ਪੰਜਾਬੀ ਹੱਡ ਭੰਨਵੀ ਤੇ ਲੱਕ ਤੋੜਵੀ ਮਿਹਨਤ ਕਰਕੇ ਜਿਥੇ ਆਪਣੇ ਪਰਿਵਾਰਾਂ ਦਾ ਪੇਟ ਭਰਦੇ ਹਨ। ਉਥੇ ਹੀ ਪੰਜਾਬ ਖੁਸ਼ਹਾਲੀ ਵਿੱਚ ਵੀ ਆਪਣਾ ਬਣਦਾ ਯੋਗਦਾਨ ਪਾ ਕੇ ਪੰਜਾਬ ਸਰਕਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਦੇ ਹਨ। ਪਰ ਇਨ੍ਹਾਂ ਪੰਜਾਬੀਆ ਦੀਆਂ ਜਾਇਦਾਦਾਂ ਤੇ ਜਾਨ ਮਾਲ ਦੀ ਰਾਖੀ ਕਰਨ ਦਾ ਫਰਜ ਵੀ ਸਰਕਾਰਾਂ ਨੂੰ ਅਦਾ ਕਰਨਾ ਚਾਹੀਦਾ ਹੈ, ਪਰ ਇਸ ਦੇ ਉਲਟ ਵਿਦੇਸ਼ਾਂ ਵਿੱਚ ਜਾ ਰਹੇ ਵੱਸੇ ਪੰਜਾਬੀਆ ਦੀਆ ਪੰਜਾਬ ਵਿੱਚ ਜਾਇਦਾਦਾਂ ਤੇ ਨਜ਼ਾਇਜ ਕਬਜੇ ਕਰਨਾ ਬਹੁਤ ਹੀ ਮੰਦਭਾਗੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਸ,ਜਸਵੰਤ ਸਿੰਘ ਹਰਪੁਰਾ ਯੂ ਐਸ ਏ ਨੇ ਕੀਤਾ। ਉਨ੍ਹਾਂ ਕਿਹਾ ਕਿ ਸਾਲਾਂ ਤੋਂ ਵਿਦੇਸ਼ੀ ਦੀ ਧਰਤੀ ਤੇ ਰਹਿ ਕੇ ਵੀ ਆਪਣੇ ਵਤਨ ਦੀ ਸੁੱਖ ਸ਼ਾਤੀ ਮੰਗਣ ਵਾਲੇ ਪੰਜਾਬੀ ਅਕਸਰ ਹੀ ਆਪਣੀਆ ਜਾਇਦਾਦਾ ਤੇ ਕੋਠੀਆਂ ਸਮੇਤ ਹੋਰ ਪ੍ਰਾਪਟੀਆਂ ਤੇ ਹੋਏ ਨਜ਼ਾਇਜ ਕਬਜਿਆਂ ਨੂੰ ਛੁਡਵਾਉਣ ਲਈ ਇਥੇ ਪੁਲਿਸ ਪ੍ਰਸ਼ਾਸ਼ਨ ਤੇ ਸਿਵਲ ਪ੍ਰਸ਼ਾਸ਼ਨ ਦੇ ਹਾੜੇ ਕੱਢਦੇ ਹੋਏ ਨਿਰਾਸ਼ਾਂ ਦੇ ਆਲਮ ਵਿੱਚੋਂ ਦੀ ਗੁਜਰਦੇ ਹੋਏ ਕਈ ਕਈ ਮਹੀਨੇ ਇਥੋਂ ਦੀ ਖਾਕ ਛਾਣ ਕੇ ਖਾਲੀ ਹੱਥ ਵਾਪਸ ਪਰਤਦੇ ਅਕਸਰ ਹੀ ਦੇਖੇ ਹਨ, ਜੋ ਕਿ ਸਾਡੇ ਐਨਆਰਆਈ ਭਰਾਵਾਂ ਲਈ ਬਹੁਤ ਦੁਖਿਤ ਸਾਬਤ ਹੋ ਰਿਹਾ ਹੈ।

ਉਨ੍ਹਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆ ਦੀਆ ਜਾਇਦਾਦਾ ਦੀ ਰਖਵਾਲੀ ਕਰਨ ਅਤੇ ਜਿਨ੍ਹਾਂ ਲੋਕਾਂ ਨੇ ਸਾਡੇ ਐਨਆਰਆਈ ਦੀਆ ਜ਼ਮੀਨਾਂ ਤੇ ਪ੍ਰਾਪਟੀਆ ਤੇ ਨਜ਼ਾਇਜ ਕਬਜੇ ਕੀਤੇ ਹਨ, ਉਨ੍ਹਾਂ ਖਿਲਾਫ ਕਾਰਵਾਈ ਕਰਕੇ ਉਨ੍ਹਾਂ ਤੋਂ ਜ਼ਮੀਨਾਂ ਵਾਪਸ ਕਰਵਾਈਆ ਜਾਣ ਤੇ ਇਥੇ ਆਉਣ ਵਾਲੀ ਐਨ,ਆਰਂ,ਆਈ ਦੀ ਜਾਨਮਾਲ ਦੀ ਰਾਖੀ ਦਾ ਪ੍ਰਬੰਧ ਕੀਤਾ ਜਾਵੇ ਤਾ ਜੋ ਵਿਦੇਸ਼ਾਂ ਵਿੱਚ ਵੱਸ ਦੇ ਪੰਜਾਬ ਆਪਣੇ ਵਤਨ ਨਾਲ ਜੁੜੇ ਰਹਿਣ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243